ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 25 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੮ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਭਾਜਪਾ ਸਾਰੀਆਂ 117 ਸੀਟਾਂ 'ਤੇ ਲੜ੍ਹੇਗੀ ਚੋਣ !

**ਚੰਡੀਗੜ੍ਹ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਹਰ ਇੱਕ ਪਾਰਟੀ ਵੱਲੋਂ ਹੁਣ ਤੋਂ ਹੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸੇ ਦੇ ਚੱਲਦੇ ਬੀਜੇਪੀ ਵੱਲੋਂ ਵੀ ਕਈ ਮੀਟਿੰਗਾਂ ਅਤੇ ਬੈਠਕਾਂ ਕੀਤੀਆਂ ਜਾ ਰਹੀਆਂ ਹਨ। ਸਾਲ 2027 ਦੀਆਂ ਚੋਣਾਂ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ (ਸੰਗਠਨ) ਬੀ.ਐਲ. ਸੰਤੋਸ਼ ਨੇ ਵੱਡਾ ਬਿਆਨ ਦਿੱਤਾ ਹੈ। ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ (ਸੰਗਠਨ) ਬੀ.ਐਲ. ਸੰਤੋਸ਼ ਨੇ ਕਿਹਾ ਕਿ ਪੰਜਾਬ ਬਦਲਾਅ ਲਈ ਪੂਰੀ ਤਰ੍ਹਾਂ ਤਿਆਰ ਹੈ ਅਤੇ ਭਾਜਪਾ ਇਸ ਬਦਲਾਅ ਨੂੰ ਸਾਕਾਰ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ। ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਪੰਜਾਬ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ 'ਤੇ ਚੋਣ ਲੜੇਗੀ ਅਤੇ ਜਿੱਤ ਹਾਸਲ ਕਰਕੇ ਸੂਬੇ ਵਿੱਚ ਆਪਣੀ ਸਰਕਾਰ ਬਣਾਏਗੀ। ਦੱਸ ਦਈਏ ਕਿ ਉਨ੍ਹਾਂ ਵੱਲੋਂ ਦੋ ਦਿਨਾਂ ਦੇ ਸੰਗਠਨਾਤਮਕ ਦੌਰੇ ਦੇ ਪਹਿਲੇ ਦਿਨ ਪਟਿਆਲਾ ਵਿਖੇ ਹੋਈ ਪਹਿਲੀ ਖੇਤਰੀ ਬੈਠਕ ਨੂੰ ਸੰਬੋਧਨ ਕਰ ਰਹੇ ਸਨ। ਇਸ ਤੋਂ ਪਹਿਲਾਂ ਅੱਜ ਸਵੇਰੇ ਬੀ.ਐਲ. ਸੰਤੋਸ਼ ਦਾ ਮੁਹਾਲੀ ਹਵਾਈ ਅੱਡੇ 'ਤੇ ਭਾਜਪਾ ਪੰਜਾਬ ਦੇ ਸੂਬਾ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਅਤੇ ਪੰਜਾਬ ਭਾਜਪਾ ਦੇ ਸਹਿ-ਇੰਚਾਰਜ ਨਰਿੰਦਰ ਸਿੰਘ ਰੈਣਾ ਵੱਲੋਂ ਸਵਾਗਤ ਕੀਤਾ ਗਿਆ। ਆਪਣੇ ਦੌਰੇ ਦੌਰਾਨ ਬੀ.ਐਲ. ਸੰਤੋਸ਼ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਭਾਜਪਾ ਆਗੂਆਂ ਅਤੇ ਸੰਗਠਨ ਦੇ ਅਹੁਦੇਦਾਰਾਂ ਨਾਲ ਖੇਤਰੀ ਬੈਠਕਾਂ ਰਾਹੀਂ ਸੰਗਠਨ ਦੀਆਂ ਗਤੀਵਿਧੀਆਂ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਦੀ ਸਮੀਖਿਆ ਕਰਨਗੇ।

## ਚੰਡੀਗੜ੍ਹ ਦੇ ਜੰਗਲਾਂ 'ਚੋਂ IED ਸਣੇ ਫੜੇ ਗਏ ਲਵਪ੍ਰੀਤ ਸਿੰਘ ਦੇ ਮਾਪਿਆਂ ਨੇ

# ਨਿਰਪੱਖਤਾ ਨਾਲ ਕੀਤੀ ਜਾਂਚ ਦੀ ਮੰਗ

**ਤਰਨਤਾਰਨ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਦੇ ਸੈਕਟਰ 43 ਦੇ ਪਿੱਛੇ ਜੰਗਲਾਂ ਵਿਚੋਂ ਬਰਾਮਦ ਹੋਈ ਆਈ.ਈ.ਡੀ ਦੇ ਮਾਮਲੇ ਵਿਚ ਗ੍ਰਿਫ਼ਤਾਰ ਤਰਨਤਾਰਨ ਦੇ ਮੁਲਜ਼ਮ ਲਵਪ੍ਰੀਤ ਸਿੰਘ ਉਰਫ ਚਿੜੀ ਤੇ ਮਾਪਿਆਂ ਨੇ ਆਪਣੇ ਪੁੱਤ ਨੂੰ ਨਿਰਦੋਸ਼ ਦੱਸਿਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਲਵਪ੍ਰੀਤ ਸਿੰਘ ਦੋ ਦਿਨ ਪਹਿਲਾਂ ਆਪਣੇ ਭੂਆ ਦੇ ਮੁੰਡੇ ਜਸ਼ਨਪ੍ਰੀਤ ਸਿੰਘ ਨਾਲ ਘਰੋਂ ਧਾਰਮਿਕ ਸਥਾਨ ਉੱਪਰ ਮੱਥਾ ਟੇਕਣ ਲਈ ਯਾਤਰਾ ਦਾ ਕਹਿ ਕੇ ਰਵਾਨਾ ਹੋਇਆ ਸੀ। ਉਹ ਦੋਵੇਂ ਜਾਂਦੇ ਹੋਏ 1000 ਰੁਪਏ ਲੈ ਕੇ ਗਏ ਸਨ। ਵਿਸਫੋਟਕ ਸਮਗਰੀ ਬਰਾਮਦ ਹੋਣ ਨੂੰ ਲੈ ਕੇ ਮਾਪਿਆਂ ਨੇ ਜਾਂਚ ਦੀ ਮੰਗ ਕੀਤੀ ਹੈ। ਲਵਪ੍ਰੀਤ ਸਿੰਘ ਵਿਧਾਨ ਸਭਾ ਹਲਕਾ ਪੱਟੀ ਦੇ ਅਧੀਨ ਆਉਂਦੇ ਪਿੰਡ ਪਿੰਡ ਸਰਹਾਲੀ ਕਲਾਂ ਦਾ ਰਹਿਣ ਵਾਲਾ ਹੈ। ਉਸ ਦੇ ਪਿਤਾ ਦਿਹਾੜੀਦਾਰ ਹਨ ਤੇ ਉਹ ਵੀ ਪੇਂਟਰ ਵਜੋਂ ਕੰਮ ਕਰਦਾ ਹੈ। ਬੀਤੇ ਸਾਲ ਜੂਨ ਮਹੀਨੇ ਵਿਚ ਥਾਣਾ ਸਰਹਾਲੀ ਵਿਖੇ 7 ਗ੍ਰਾਮ ਹੈਰੋਇਨ ਬਰਾਮਦਗੀ ਦੇ ਮਾਮਲੇ ਵਿਚ ਲਵਪ੍ਰੀਤ



ਸਿੰਘ ਦੇ ਖਿਲਾਫ ਪਰਚਾ ਦਰਜ ਹੋ ਚੁੱਕਾ ਹੈ ਤੇ ਉਹ ਜ਼ਮਾਨਤ ਉੱਪਰ ਬਾਹਰ ਆਇਆ ਹੋਇਆ ਸੀ। ਇਹ ਸੰਭਾਵਨਾ ਜਤਾਈ ਜਾ ਰਹੀ ਹੈ ਕਿ ਹੈਰੋਇਨ ਮਾਮਲੇ 'ਚ ਜੇਲ੍ਹ ਅੰਦਰ ਰਹਿਣ ਦੌਰਾਨ ਉਹ ਗੈਂਗਸਟਰਾਂ ਦੇ ਸੰਪਰਕ ਵਿਚ ਆਇਆ ਹੋਵੇ। ਦੂਜੇ ਪਾਸੇ, ਇਹ ਖ਼ਦਸ਼ਾ ਜਤਾਇਆ ਜਾ ਰਿਹਾ ਹੈ ਕਿ ਚੰਡੀਗੜ੍ਹ ਤੋਂ ਬਰਾਮਦ ਕੀਤੀ ਗਈ ਧਮਾਕਾਖੇਜ਼ ਸਮੱਗਰੀ ਡਰੋਨ ਦੀ ਮਦਦ ਨਾਲ ਪਾਕਿਸਤਾਨ ਤੋਂ ਤਰਨਤਾਰਨ ਪਹੁੰਚਾਈ ਗਈ ਸੀ। ਪੁਲਸ ਵੱਡੇ ਪੱਧਰ ਉੱਪਰ ਜਾਂਚ ਵਿਚ ਜੁਟੀ ਹੋਈ ਹੈ। ਆਉਣ ਵਾਲੇ ਦਿਨਾਂ ਵਿਚ ਇਸ ਮਾਮਲੇ ਵਿਚ ਹੋਰ ਵੱਡੇ ਖੁਲਾਸੇ ਹੋ ਸਕਦੇ ਹਨ। ਚੰਡੀਗੜ੍ਹ ਦੇ ਸੈਕਟਰ-43 ਬੱਸ ਅੱਡੇ ਦੇ ਪਿੱਛੇ ਜੰਗਲ ਵਿੱਚ ਟਿਫ਼ਨ ਬੰਬ ਅਤੇ ਧਮਾਕਾਖੇਜ਼ ਸਮੱਗਰੀ ਮਿਲਣ ਤੋਂ ਬਾਅਦ ਪੰਜਾਬ ਭਰ ਵਿੱਚ ਹਾਈ ਅਲਰਟ ਦੇ ਚੱਲਦਿਆਂ ਸਰਹੱਦੀ ਜ਼ਿਲ੍ਹਾ ਗੁਰਦਾਸਪੁਰ ਵਿੱਚ ਵੀ ਸੁਰੱਖਿਆ ਦਾ ਘੇਰਾ ਹੋਰ ਸਖ਼ਤ ਕਰ ਦਿੱਤਾ ਗਿਆ ਹੈ। ਗੁਰਦਾਸਪੁਰ ਵਿੱਚ ਬੀਐਸਐਫ ਹੈੱਡਕੁਆਰਟਰ ਅਤੇ ਫੌਜੀ ਇਲਾਕਿਆਂ ਦੇ ਆਸ-ਪਾਸ ਪੰਜਾਬ ਪੁਲਸ ਵੱਲੋਂ ਵਿਸ਼ੇਸ਼ ਐਂਟੀ-ਸੈਬੋਟੇਜ ਜਾਂਚ ਮੁਹਿੰਮ ਚਲਾਈ ਗਈ, ਜਿਸ ਦੌਰਾਨ ਪੁਲਸ ਟੀਮਾਂ ਨੇ ਸੰਵੇਦਨਸ਼ੀਲ ਥਾਵਾਂ ਅਤੇ ਆਉਣ-ਜਾਣ ਵਾਲੇ ਰਸਤਿਆਂ ਦੀ ਬਾਰੀਕੀ ਨਾਲ ਜਾਂਚ ਕੀਤੀ।

## ਖਰੜ ਹੈਡਮਾਸਟਰ ਕਤਲ ਮਾਮਲੇ ਦਾ ਮੁੱਖ ਮੁਲਜ਼ਮ ਦਿੱਲੀ ਹਵਾਈ ਅੱਡੇ ਤੋਂ ਗ੍ਰਿਫਤਾਰ

**ਚੰਡੀਗੜ੍ਹ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਨੇ ਮੁਹਾਲੀ ਦੇ ਖਰੜ 'ਚ ਸਰਕਾਰੀ ਸਕੂਲ ਦੇ ਹੈਡਮਾਸਟਰ ਦੇ ਕਤਲ ਮਾਮਲੇ 'ਚ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਖਰੜ ਪੁਲਿਸ ਨੇ ਮੁਲਜ਼ਮ ਨੂੰ ਦਿੱਲੀ ਹਵਾਈ ਅੱਡੇ ਤੋਂ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਮੁਲਜ਼ਮ ਸਰਤਾਜ ਨੂੰ ਗ੍ਰਿਫ਼ਤਾਰ ਕਰਨ ਤੋਂ ਬਾਅਦ ਪੰਜਾਬ ਲਿਆਂਦਾ ਹੈ। ਜਾਣਕਾਰੀ ਅਨੁਸਾਰ, ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਉਹ ਕੈਨੇਡਾ ਫਰਾਰ ਹੋ ਗਿਆ ਹੈ, ਜਿਸ 'ਤੇ ਮੁਲਜ਼ਮ ਖ਼ਿਲਾਫ਼ ਲੁੱਕ ਆਊਟ ਨੋਟਿਸ (LOC) ਜਾਰੀ ਕੀਤਾ ਗਿਆ ਸੀ। LOC ਦੇ ਆਧਾਰ 'ਤੇ ਦਿੱਲੀ ਏਅਰਪੋਰਟ ਅਥਾਰਟੀ ਨੇ ਸਰਤਾਜ ਨੂੰ ਹਿਰਾਸਤ ਵਿੱਚ ਲਿਆ, ਜਿਸ ਤੋਂ ਬਾਅਦ ਖਰੜ ਪੁਲਿਸ ਦੀ ਟੀਮ ਨੇ ਦਿੱਲੀ ਪਹੁੰਚ ਕੇ




ਸ਼ਨੀਵਾਰ ਤੜਕੇ ਕਰੀਬ 3 ਵਜੇ ਉਸਨੂੰ ਗ੍ਰਿਫ਼ਤਾਰ ਕਰ ਲਿਆ। ਖਰੜ ਪੁਲਿਸ ਨੇ ਅੱਜ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਉਸਨੂੰ 4 ਦਿਨਾਂ ਦੇ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਗਿਆ। ਮੁੱਢਲੀ ਪੁੱਛਗਿੱਛ ਵਿੱਚ ਸਰਤਾਜ ਨੇ ਦਾਅਵਾ ਕੀਤਾ ਕਿ ਗੁਰਸੇਵਕ ਸਿੰਘ ਕਥਿਤ ਤੌਰ 'ਤੇ ਉਸਦੀ ਪਤਨੀ ਨੂੰ ਪਰੇਸ਼ਾਨ ਕਰਦੇ ਸਨ। ਇਸੇ ਗੱਲ ਨੂੰ ਲੈ ਕੇ ਉਹ ਗੁਰਸੇਵਕ ਸਿੰਘ ਨੂੰ ਸਮਝਾਉਣ ਗਿਆ ਸੀ। ਵਿਵਾਦ ਵਧਣ ਤੋਂ ਬਾਅਦ ਹੋਈ ਝੜਪ ਵਿੱਚ ਗੁਰਸੇਵਕ ਸਿੰਘ ਗੰਭੀਰ ਜ਼ਖ਼ਮੀ ਹੋ ਗਏ। ਹਾਲਾਂਕਿ ਮੁਲਜ਼ਮ ਨੇ ਕਤਲ ਦੀ ਨੀਅਤ ਤੋਂ ਇਨਕਾਰ ਕੀਤਾ ਹੈ। 5 ਅਗਸਤ ਨੂੰ ਸੰਨੀ ਐਨਕਲੇਵ ਵਿੱਚ ਗੁਰਸੇਵਕ ਸਿੰਘ 'ਤੇ ਤੇਜ਼ਧਾਰ ਹਥਿਆਰਾਂ ਅਤੇ ਲੋਹੇ ਦੀ ਰਾਡ ਨਾਲ ਹਮਲਾ ਕੀਤਾ ਗਿਆ ਸੀ। 8 ਅਗਸਤ ਨੂੰ ਹਸਪਤਾਲ ਵਿੱਚ ਉਨ੍ਹਾਂ ਦੀ ਮੌਤ ਹੋ ਗਈ ਸੀ।

## ਕਿਸਾਨਾਂ ਦਾ ਚੰਡੀਗੜ੍ਹ 'ਚ ਹੱਲਾ ਬੋਲ; 1 ਸਤੰਬਰ ਤੋਂ 7 ਦਿਨਾਂ ਲਈ ਲਾਇਆ ਜਾਵੇਗਾ ਧਰਨਾ

**ਚੰਡੀਗੜ੍ਹ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਕਿਸਾਨ ਇੱਕ ਵਾਰ ਫੇਰ ਤੋਂ ਆਪਣੀਆਂ ਮੰਗਾਂ ਦੇ ਚੱਲਦੇ ਵੱਡਾ ਸੰਘਰਸ਼ ਕਰਨ ਦਾ ਐਲਾਨ ਕੀਤਾ ਗਿਆ ਹੈ। ਦੱਸ ਦਈਏ ਕਿ ਕਿਸਾਨਾਂ ਵੱਲੋਂ 1 ਸਤੰਬਰ ਤੋਂ ਲੈ ਕੇ 7 ਸਤੰਬਰ ਤੱਕ ਚੰਡੀਗੜ੍ਹ 'ਚ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਸਬੰਧੀ ਕਿਸਾਨ ਆਗੂ ਬਲਬੀਰ ਸਿੰਘ ਰਾਜੇਵਾਲ ਵੱਲੋਂ ਐਲਾਨ ਕੀਤਾ ਗਿਆ ਹੈ। ਕਿਸਾਨ ਆਗੂ ਬਲਬੀਰ ਸਿੰਘ ਰਾਜੇਵਾਲ ਨੇ ਕਿਹਾ ਕਿ ਕਿਸਾਨ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਸਰਕਾਰ 'ਤੇ ਦਬਾਅ ਪਾਉਣ ਲਈ 1 ਸਤੰਬਰ ਤੋਂ 7 ਸਤੰਬਰ ਤੱਕ ਚੰਡੀਗੜ੍ਹ ਵਿੱਚ ਸੱਤ ਦਿਨਾਂ ਦਾ ਵਿਰੋਧ ਪ੍ਰਦਰਸ਼ਨ ਕਰਨਗੇ। ਰਾਜੇਵਾਲ ਦੇ ਅਨੁਸਾਰ, ਵਿਰੋਧ ਪ੍ਰਦਰਸ਼ਨ ਦੇ ਹਿੱਸੇ ਵਜੋਂ ਕਿਸਾਨਾਂ ਦਾ



ਇੱਕ ਇਕੱਠ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਵਿਰੋਧ ਪ੍ਰਦਰਸ਼ਨ ਵਾਲੀ ਥਾਂ 'ਤੇ ਧਰਨਾ, ਇੱਕ ਸਟੇਜ ਅਤੇ ਲੰਗਰ ਦਾ ਪ੍ਰਬੰਧ ਵੀ ਕੀਤਾ ਜਾਵੇਗਾ। ਰਾਜੇਵਾਲ ਨੇ ਕਿਹਾ ਕਿ ਚੰਡੀਗੜ੍ਹ ਪ੍ਰਸ਼ਾਸਨ ਨੇ ਕਿਸਾਨ ਪ੍ਰਤੀਨਿਧੀਆਂ ਨਾਲ ਮੀਟਿੰਗ ਤੋਂ ਬਾਅਦ ਵਿਰੋਧ ਪ੍ਰਦਰਸ਼ਨ ਲਈ ਇੱਕ ਨਿਰਧਾਰਤ ਸਥਾਨ ਅਲਾਟ ਕਰ ਦਿੱਤਾ ਹੈ। ਕਿਸਾਨ ਨਿਰਧਾਰਤ ਸਥਾਨ 'ਤੇ ਆਪਣਾ ਧਰਨਾ ਦੇਣ ਲਈ ਸਹਿਮਤ ਹੋ ਗਏ ਹਨ। ਵਿਰੋਧ ਪ੍ਰਦਰਸ਼ਨ ਨਾਲ ਜਗਤਪੁਰਾ ਲਾਈਟਾਂ ਤੋਂ ਫੇਜ਼ 11 ਵੱਲ ਏਅਰਪੋਰਟ ਰੋਡ ਦੇ ਰਸਤੇ 'ਤੇ ਵਾਹਨਾਂ ਦੀ ਆਵਾਜਾਈ ਪ੍ਰਭਾਵਿਤ ਹੋਣ ਦੀ ਉਮੀਦ ਹੈ। ਕਿਸਾਨਾਂ ਨੇ ਕਿਹਾ ਕਿ ਉਹ ਪ੍ਰਦਰਸ਼ਨ ਦੇ ਹਿੱਸੇ ਵਜੋਂ ਸੜਕ 'ਤੇ ਹੀ ਬੈਠੇ ਰਹਿਣਗੇ। ਇਹ ਵਿਰੋਧ ਪ੍ਰਦਰਸ਼ਨ ਕਿਸਾਨ ਭਾਈਚਾਰੇ ਨਾਲ ਸਬੰਧਤ ਕਈ ਮੁੱਦਿਆਂ 'ਤੇ ਕੇਂਦ੍ਰਿਤ ਹੋਵੇਗਾ। ਇਨ੍ਹਾਂ ਵਿੱਚ ਕਿਸਾਨਾਂ ਦੇ ਕਰਜ਼ੇ, ਗੰਨੇ ਦੀਆਂ ਕੀਮਤਾਂ ਅਤੇ ਹੋਰ ਖੇਤੀਬਾੜੀ ਚਿੰਤਾਵਾਂ ਨਾਲ ਸਬੰਧਤ ਮੰਗਾਂ ਸ਼ਾਮਲ ਹਨ। ਰਾਜੇਵਾਲ ਨੇ ਪ੍ਰਸਤਾਵਿਤ ਵਪਾਰ ਸਮਝੌਤੇ ਦੇ ਵਿਰੋਧ ਦਾ ਵੀ ਜ਼ਿਕਰ ਕੀਤਾ ਅਤੇ ਕਿਹਾ ਕਿ ਕਿਸਾਨ ਆਪਣੀ ਰੋਜ਼ੀ-ਰੋਟੀ ਅਤੇ ਹਿੱਤਾਂ ਨੂੰ ਪ੍ਰਭਾਵਿਤ ਕਰਨ ਵਾਲੇ ਕਈ ਮੁੱਦੇ ਉਠਾਉਣਗੇ। ਰਾਜੇਵਾਲ ਨੇ ਕਿਹਾ ਕਿ ਪ੍ਰਦਰਸ਼ਨ ਸ਼ਾਂਤੀਪੂਰਨ ਰਹੇਗਾ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਸਰਕਾਰ ਕਿਸਾਨਾਂ ਨਾਲ ਸਾਰਥਕ ਗੱਲਬਾਤ ਨਹੀਂ ਕਰਦੀ ਤਾਂ ਵਿਰੋਧ ਪ੍ਰਦਰਸ਼ਨ ਦੀ ਮਿਆਦ ਵਧਾਈ ਜਾ ਸਕਦੀ ਹੈ। ਰਾਜੇਵਾਲ ਨੇ ਕਿਹਾ ਕਿ ਜੇਕਰ ਸਰਕਾਰ ਗੱਲਬਾਤ ਲਈ ਸਹਿਮਤ ਹੋ ਜਾਂਦੀ ਹੈ, ਤਾਂ ਸਥਿਤੀ ਗੱਲਬਾਤ ਰਾਹੀਂ ਅੱਗੇ ਵਧ ਸਕਦੀ ਹੈ। ਨਹੀਂ ਤਾਂ, ਕਿਸਾਨ ਆਪਣਾ ਵਿਰੋਧ ਜਾਰੀ ਰੱਖਣਗੇ। ਕਿਸਾਨਾਂ ਨੇ ਸਰਕਾਰ ਨੂੰ ਉਨ੍ਹਾਂ ਨਾਲ ਜੁੜਨ ਅਤੇ ਗੱਲਬਾਤ ਰਾਹੀਂ ਉਨ੍ਹਾਂ ਦੀਆਂ ਮੰਗਾਂ ਨੂੰ ਹੱਲ ਕਰਨ ਦੀ ਮੰਗ ਕੀਤੀ ਹੈ।

## ਬੰਦੀ ਸਿੰਘਾਂ ਦੀ ਰਿਹਾਈ ਤੇ ਚੜ੍ਹਦੀ ਕਲਾ ਲਈ ਸ਼੍ਰੋਮਣੀ ਕਮੇਟੀ ਵੱਲੋਂ 29 ਅਗਸਤ ਨੂੰ ਕੀਤੇ ਜਾਣਗੇ ਅਰਦਾਸ ਸਮਾਗਮ

**ਅੰਮ੍ਰਿਤਸਰ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੱਖ ਕੈਦੀਆਂ (ਬੰਦੀ ਸਿੰਘਾਂ) ਦੀ ਰਿਹਾਈ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 29 ਅਗਸਤ ਨੂੰ ਗੁਰੂ ਚਰਨਾਂ ਵਿੱਚ ਅਰਦਾਸ ਕਰਦਿਆਂ ਸਰਕਾਰਾਂ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਅਪੀਲ ਕੀਤੀ ਜਾਵੇਗੀ। ਇਸ ਮੰਤਵ ਤਹਿਤ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਇਤਿਹਾਸਕ ਗੁਰਦੁਆਰਾ ਸਾਹਿਬਾਨ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਅਤੇ



ਵਿੱਦਿਅਕ ਅਦਾਰਿਆਂ ਵਿਚ ਸੁਖਮਨੀ ਸਾਹਿਬ ਦੇ ਜਾਪ ਕਰਕੇ ਅਰਦਾਸ ਕੀਤੀ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਲੰਘੇ ਦਿਨੀ ਹੋਈ ਅੰਤ੍ਰਿੰਗ ਕਮੇਟੀ ਦੀ ਬੈਠਕ ਦੌਰਾਨ ਸਮੂਹ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਵੱਲੋਂ ਸਰਬਸੰਮਤੀ ਨਾਲ ਇਹ ਫ਼ੈਸਲਾ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਆਉਂਦੇ ਸਮੂਹ ਇਤਿਹਾਸਕ ਗੁਰਦੁਆਰਾ ਸਾਹਿਬਾਨ ਵਿਖੇ 27 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ, ਜਿਨ੍ਹਾਂ ਦੇ ਭੋਗ 29 ਅਗਸਤ ਨੂੰ ਸਵੇਰੇ 10:00 ਵਜੇ ਪਾਏ ਜਾਣਗੇ। ਇਸੇ ਤਰ੍ਹਾਂ ਸ਼੍ਰੋਮਣੀ ਕਮੇਟੀ ਦੇ ਸਮੂਹ ਵਿੱਦਿਅਕ ਅਦਾਰਿਆਂ, ਸਕੂਲਾਂ ਅਤੇ ਕਾਲਜਾਂ ਵਿੱਚ 29 ਅਗਸਤ ਨੂੰ ਸਵੇਰੇ 10:00 ਵਜੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਸਮੂਹਿਕ ਅਰਦਾਸ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸਮੂਹ ਗੁਰਦੁਆਰਾ ਸਾਹਿਬਾਨ ਅਤੇ ਵਿਦਿਅਕ ਅਦਾਰਿਆਂ ਨੂੰ ਪੱਤਰ ਜਾਰੀ ਕਰ ਦਿੱਤਾ ਗਿਆ ਹੈ। ਕਾਹਲਵਾਂ ਨੇ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਦਾ ਮਾਮਲਾ ਸਿਰਫ਼ ਕੁਝ ਵਿਅਕਤੀਆਂ ਦੀ ਰਿਹਾਈ ਦਾ ਮਸਲਾ ਨਹੀਂ, ਸਗੋਂ ਨਿਆਂ, ਮਨੁੱਖੀ ਅਧਿਕਾਰਾਂ ਅਤੇ ਕਾਨੂੰਨ ਦੀ ਬਰਾਬਰ ਲਾਗੂ ਹੋਣ ਦੀ ਮਰਯਾਦਾ ਨਾਲ ਜੁੜਿਆ ਹੋਇਆ ਗੰਭੀਰ ਮਾਮਲਾ ਹੈ। ਜਿਹੜੇ ਕੈਦੀ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਨੂੰ ਦਹਾਕਿਆਂ ਤੱਕ ਜੇਲ੍ਹਾਂ ਵਿੱਚ ਬੰਦ ਰੱਖਣਾ ਉਨ੍ਹਾਂ ਦੇ ਪਰਿਵਾਰਾਂ ਲਈ ਵੀ ਅਸਹਿਣਯੋਗ ਪੀੜਾ ਦਾ ਕਾਰਨ ਬਣ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਲੰਮੇ ਸਮੇਂ ਤੋਂ ਸੰਵਿਧਾਨਕ ਅਤੇ ਲੋਕਤੰਤਰੀ ਢੰਗ ਨਾਲ ਆਵਾਜ਼ ਬੁਲੰਦ ਕੀਤੀ ਜਾ ਰਹੀ ਹੈ। ਬਲਵਿੰਦਰ ਸਿੰਘ ਕਾਹਲਵਾਂ ਨੇ ਖਾਸ ਤੌਰ 'ਤੇ ਭਾਈ ਜਗਤਾਰ ਸਿੰਘ ਹਵਾਰਾ ਦੀ ਬਿਰਧ ਅਤੇ ਗੰਭੀਰ ਬਿਮਾਰ ਮਾਤਾ ਦੀ ਦੇਖਭਾਲ ਲਈ ਉਨ੍ਹਾਂ ਦੀ ਪੈਰੋਲ ਦੀ ਕੀਤੀ ਜਾ ਰਹੀ ਪੈਰਵੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਮਨੁੱਖੀ ਸੰਵੇਦਨਾਵਾਂ ਨਾਲ ਜੁੜੇ ਇਸ ਮਾਮਲੇ ਵਿੱਚ ਵੀ ਸਰਕਾਰ ਵੱਲੋਂ ਅਜੇ ਤੱਕ ਕੋਈ ਅਮਲੀ ਕਦਮ ਨਾ ਚੁੱਕਣਾ ਚਿੰਤਾ ਦਾ ਵਿਸ਼ਾ ਹੈ। ਇਸੇ ਤਰ੍ਹਾਂ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ ਵਿੱਚ ਵੀ ਸਰਕਾਰਾਂ ਦੀ ਅਣਮਨੁੱਖੀ ਪਹੁੰਚ ਦੁਖਦਾਈ ਹੈ। ਸਰਕਾਰਾਂ ਨੂੰ ਅੜੀ ਛੱਡਣੀ ਚਾਹੀਦੀ ਹੈ ਅਤੇ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕਰਨਾ ਚਾਹੀਦਾ ਹੈ।

## 'ਕਾਕਰੋਚ' ਮੁੜ ਆ ਰਹੇ ਦਿੱਲੀ; ਕਰ ਦਿੱਤਾ ਵੱਡਾ ਐਲਾਨ, ਜੰਤਰ-ਮੰਤਰ ਮਗਰੋਂ ਹੁਣ ਇੰਡੀਆ ਗੇਟ

**ਨਵੀਂ ਦਿੱਲੀ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੀਜੇਪੀ ਨੇ ਕਿਹਾ, ਕਿ ਅਸੀਂ ਜੇਨ ਜੀ, ਨੌਜਵਾਨ ਪ੍ਰਦਰਸ਼ਨਕਾਰੀਆਂ ਅਤੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਵਿਸ਼ਵਾਸਘਾਤ ਨੂੰ ਸਵੀਕਾਰ ਨਹੀਂ ਕਰਾਂਗੇ। 5 ਸਤੰਬਰ, ਇੰਡੀਆ ਗੇਟ। ਨੌਜਵਾਨ ਇੱਕ ਵਾਰ ਫਿਰ ਇਕੱਠੇ ਹੋਣਗੇ। ਕਾਕਰੋਚ ਜਨਤਾ ਪਾਰਟੀ ਜੋ ਕਿ ਇੱਕ ਮਹੀਨੇ ਤੋਂ ਵੱਧ ਸਮੇਂ ਤੋਂ ਜੰਤਰ-ਮੰਤਰ 'ਤੇ ਵਿਰੋਧ ਪ੍ਰਦਰਸ਼ਨ ਦੀ ਅਗਵਾਈ ਕਰ ਰਹੀ ਹੈ, ਨੇ ਇੱਕ ਵਾਰ ਫਿਰ ਰਾਜਧਾਨੀ




ਦਿੱਲੀ ਵਿੱਚ ਇੱਕ ਵੱਡੇ ਇਕੱਠ ਦਾ ਐਲਾਨ ਕੀਤਾ ਹੈ। 5 ਸਤੰਬਰ ਨੂੰ ਨਵੀਂ ਦਿੱਲੀ ਵਿੱਚ ਸ਼ਾਂਤਮਈ ਵਿਰੋਧ ਮਾਰਚ ਦਾ ਐਲਾਨ ਕਰਦੇ ਹੋਏ, ਸੀਜੇਪੀ ਨੇ ਇਲਜ਼ਾਮ ਲਗਾਇਆ ਹੈ ਕਿ ਭਾਰਤ ਸਰਕਾਰ ਨੇ 25 ਜੁਲਾਈ ਨੂੰ ਨੌਜਵਾਨਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਹਨ। ਪਾਰਟੀ ਨੇ ਕਿਹਾ ਕਿ ਨੌਜਵਾਨਾਂ ਨੇ ਸਰਕਾਰ ਦੇ ਵਾਅਦਿਆਂ ਤੋਂ ਬਾਅਦ ਆਪਣਾ ਦੇਸ਼ ਵਿਆਪੀ ਵਿਰੋਧ ਪ੍ਰਦਰਸ਼ਨ ਵਾਪਸ ਲੈ ਲਿਆ। 5 ਸਤੰਬਰ ਨੂੰ ਹੋਣ ਵਾਲਾ ਇਹ ਸ਼ਾਂਤੀਪੂਰਨ ਮਾਰਚ ਇੰਡੀਆ ਗੇਟ ਤੋਂ ਸ਼ੁਰੂ ਹੋਵੇਗਾ ਅਤੇ ਨਵੀਂ ਦਿੱਲੀ ਪੁਲਿਸ ਹੈੱਡਕੁਆਰਟਰ ਵੱਲ ਵਧੇਗਾ। ਸੀਜੇਪੀ ਦੇ ਸਹਿ-ਕਨਵੀਨਰ ਸੌਰਵ ਦਾਸ ਦੇ ਅਨੁਸਾਰ, ਮਾਰਚ ਦੀ ਅਗਵਾਈ ਉਨ੍ਹਾਂ ਵਿਦਿਆਰਥੀਆਂ ਦੇ ਪਰਿਵਾਰਾਂ ਦੁਆਰਾ ਕੀਤੀ ਜਾਵੇਗੀ ਜਿਨ੍ਹਾਂ ਨੇ ਨੀਟ ਨਾਲ ਸਬੰਧਿਤ ਮਾਮਲਿਆਂ ਵਿੱਚ ਆਪਣੀਆਂ ਜਾਨਾਂ ਗੁਆ ਦਿੱਤੀਆਂ ਸਨ ਅਤੇ ਜੋ ਪੁਲਿਸ ਦੀ ਬੇਰਹਿਮੀ ਦਾ ਸ਼ਿਕਾਰ ਹੋਏ ਸੀ। ਦੇਸ਼ ਭਰ ਦੇ ਵਿਦਿਆਰਥੀਆਂ, ਯੁਵਾ ਸੰਗਠਨਾਂ ਅਤੇ ਨੌਜਵਾਨ ਨਾਗਰਿਕਾਂ ਦੇ ਹਿੱਸਾ ਲੈਣ ਦੀ ਉਮੀਦ ਹੈ। ਸੀਜੇਪੀ ਨੇ ਕਿਹਾ, ਕਿ ਅਸੀਂ ਜੇਨ ਜੀ, ਨੌਜਵਾਨ ਪ੍ਰਦਰਸ਼ਨਕਾਰੀਆਂ ਅਤੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਵਿਸ਼ਵਾਸਘਾਤ ਨੂੰ ਸਵੀਕਾਰ ਨਹੀਂ ਕਰਾਂਗੇ। 5 ਸਤੰਬਰ, ਇੰਡੀਆ ਗੇਟ। ਨੌਜਵਾਨ ਇੱਕ ਵਾਰ ਫਿਰ ਇਕੱਠੇ ਹੋਣਗੇ। ਸੀਜੇਪੀ ਨੇ ਸੋਮਵਾਰ ਨੂੰ ਇੱਕ ਔਨਲਾਈਨ ਵਰਕਿੰਗ ਕਮੇਟੀ ਦੀ ਮੀਟਿੰਗ ਬੁਲਾਈ। ਪਾਰਟੀ ਵੱਲੋਂ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਮੀਟਿੰਗ ਵਿੱਚ ਕੇਂਦਰ ਸਰਕਾਰ ਅਤੇ ਭਾਜਪਾ/ਐਨਡੀਏ ਸ਼ਾਸਿਤ ਰਾਜਾਂ ਵੱਲੋਂ ਕੀਤੇ ਗਏ ਵਾਅਦਿਆਂ ਦੀ ਸਮੀਖਿਆ ਕੀਤੀ ਗਈ, ਜਿਸ ਦੇ ਆਧਾਰ 'ਤੇ 25 ਜੁਲਾਈ ਨੂੰ ਦੇਸ਼ ਵਿਆਪੀ ਵਿਰੋਧ ਪ੍ਰਦਰਸ਼ਨ ਰੱਦ ਕਰ ਦਿੱਤਾ ਗਿਆ ਸੀ। ਕਮੇਟੀ ਮੈਂਬਰਾਂ ਨੇ ਸਰਕਾਰ ਦੇ ਇਰਾਦਿਆਂ ਬਾਰੇ ਸ਼ੰਕਾ ਪ੍ਰਗਟ ਕੀਤੀ।




# ਮਹਿਤਾ ਹੈੱਡਕੁਆਰਟਰ: ਦਮਦਮੀ ਟਕਸਾਲ ਦੀ ਪੰਥਕ ਵਿਰਾਸਤ ਤੇ ਸੇਵਾ ਦਾ ਇਤਿਹਾਸਕ ਕੇਂਦਰ, 24 ਅਗਸਤ 1969 ਨੂੰ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਰੱਖਿਆ ਸੀ ਨੀਂਹ ਪੱਥਰ

ਮਹਿਤਾ (ਅੰਮ੍ਰਿਤਸਰ): ਦਮਦਮੀ ਟਕਸਾਲ ਦੇ ਇਤਿਹਾਸਕ ਹੈੱਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਮਹਿਤਾ ਦਾ ਨੀਂਹ ਪੱਥਰ 24 ਅਗਸਤ 1969 ਨੂੰ ਦਮਦਮੀ ਟਕਸਾਲ ਦੇ 13ਵੇਂ ਮੁਖੀ ਸ਼੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਆਪਣੇ ਕਰ-ਕਮਲਾਂ ਨਾਲ ਰੱਖਿਆ ਸੀ। ਇਹ ਇਤਿਹਾਸਕ ਅਸਥਾਨ ਅੱਜ ਦਮਦਮੀ ਟਕਸਾਲ ਦੀਆਂ ਧਾਰਮਿਕ, ਵਿਦਿਅਕ, ਗੁਰਮਤਿ ਪ੍ਰਚਾਰ ਅਤੇ ਪੰਥਕ ਸਰਗਰਮੀਆਂ ਦਾ ਪ੍ਰਮੁੱਖ ਕੇਂਦਰ ਬਣਿਆ ਹੋਇਆ ਹੈ ਅਤੇ ਸਿੱਖ ਇਤਿਹਾਸ ਵਿੱਚ ਇਸ ਦਾ ਵਿਸ਼ੇਸ਼ ਤੇ ਮਹੱਤਵਪੂਰਨ ਸਥਾਨ ਹੈ। ਇਸੇ ਇਤਿਹਾਸਕ ਹੈੱਡਕੁਆਰਟਰ ਤੋਂ ਦਮਦਮੀ ਟਕਸਾਲ ਦੇ ਚੌਦ੍ਹਵੇਂ ਜੱਥੇਦਾਰ, ਕਹਿਣੀ ਅਤੇ ਕਰਨੀ ਦੇ ਪੂਰੇ, ਸੱਚਖੰਡ ਵਾਸੀ ਅਮਰ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਸਿੱਖ ਕੌਮ ਦੇ ਧਾਰਮਿਕ ਹੱਕਾਂ, ਪੰਥਕ ਮਸਲਿਆਂ ਅਤੇ ਸਿੱਖੀ ਦੀ ਚੜ੍ਹਦੀ ਕਲਾ ਲਈ ਧਰਮ ਯੁੱਧ ਮੋਰਚੇ ਦੀ ਅਗਵਾਈ ਕੀਤੀ। ਸਿੱਖ ਪੰਥ ਦੀ ਚੜ੍ਹਦੀ ਕਲਾ, ਗੁਰਮਤਿ ਦੀ ਰਾਖੀ ਅਤੇ ਕੌਮੀ ਹੱਕਾਂ ਲਈ ਉਨ੍ਹਾਂ ਵੱਲੋਂ ਕੀਤੀ ਗਈ ਮਹਾਨ ਕੁਰਬਾਨੀ ਸਿੱਖ ਇਤਿਹਾਸ ਦਾ ਇੱਕ ਅਹਿਮ ਤੇ ਯਾਦਗਾਰੀ ਅਧਿਆਇ ਹੈ। ਉਨ੍ਹਾਂ ਦੀ ਸ਼ਹਾਦਤ ਨੇ ਇਸ ਇਤਿਹਾਸਕ ਅਸਥਾਨ ਨੂੰ ਸਿੱਖ ਕੌਮ ਦੀਆਂ ਭਾਵਨਾਵਾਂ ਅਤੇ ਪੰਥਕ ਇਤਿਹਾਸ ਵਿੱਚ ਹੋਰ ਵੀ ਵਿਸ਼ੇਸ਼ ਸਥਾਨ ਪ੍ਰਦਾਨ ਕੀਤਾ। ਇਸ ਤੋਂ ਬਾਅਦ ਦਮਦਮੀ ਟਕਸਾਲ ਦੇ ਪੰਦਰਵੇਂ ਮੁਖੀ, ਸੱਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਜੀ ਨੇ ਇਸ ਇਤਿਹਾਸਕ ਹੈੱਡਕੁਆਰਟਰ ਤੋਂ ਲੰਮਾ ਸਮਾਂ ਗੁਰਮਤਿ ਪ੍ਰਚਾਰ, ਗੁਰਬਾਣੀ ਦੀ ਸਿੱਖਿਆ, ਸਿੱਖੀ ਦੇ ਪ੍ਰਸਾਰ ਅਤੇ ਸੰਗਤਾਂ ਦੀ ਸੇਵਾ ਲਈ ਆਪਣਾ ਜੀਵਨ ਸਮਰਪਿਤ ਕੀਤਾ। ਬ੍ਰਹਮ ਗਿਆਨੀ ਸੰਤ ਬਾਬਾ ਠਾਕੁਰ ਸਿੰਘ ਜੀ ਦਾ ਸਾਦਗੀ, ਨਿਮਰਤਾ, ਸੇਵਾ ਅਤੇ ਗੁਰਮਤਿ ਨੂੰ ਸਮਰਪਿਤ ਜੀਵਨ ਸਿੱਖ ਸੰਗਤਾਂ ਲਈ ਪ੍ਰੇਰਣਾ ਦਾ ਸਰੋਤ ਰਿਹਾ ਹੈ। ਉਨ੍ਹਾਂ ਵੱਲੋਂ ਨਿਭਾਈਆਂ ਪੰਥਕ ਅਤੇ ਧਾਰਮਿਕ ਸੇਵਾਵਾਂ ਦੀ ਯਾਦ ਅੱਜ ਵੀ ਸੰਗਤਾਂ ਦੇ ਹਿਰਦਿਆਂ ਵਿੱਚ ਵਸਦੀ ਹੈ। ਮੌਜੂਦਾ ਸਮੇਂ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਵੀ ਇਸੇ ਇਤਿਹਾਸਕ ਹੈੱਡਕੁਆਰਟਰ ਤੋਂ ਗੁਰਮਤਿ ਦੇ ਪ੍ਰਚਾਰ-ਪ੍ਰਸਾਰ, ਗੁਰਬਾਣੀ ਦੀ ਸਿੱਖਿਆ ਅਤੇ ਸਿੱਖ ਸੰਗਤਾਂ ਨੂੰ ਸਿੱਖੀ ਨਾਲ ਜੋੜਨ ਲਈ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਉਨ੍ਹਾਂ ਦੀ ਅਗਵਾਈ ਹੇਠ ਦਮਦਮੀ ਟਕਸਾਲ ਵੱਲੋਂ ਧਾਰਮਿਕ, ਵਿਦਿਅਕ, ਸਮਾਜਿਕ ਅਤੇ ਸੇਵਾ ਦੇ ਖੇਤਰ ਵਿੱਚ ਵੱਖ-ਵੱਖ ਕਾਰਜ ਨਿਰੰਤਰ ਜਾਰੀ ਹਨ। ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਮਹਿਤਾ ਦਾ ਇਹ ਹੈੱਡਕੁਆਰਟਰ ਕੇਵਲ ਇੱਕ ਇਮਾਰਤ ਜਾਂ ਸੰਸਥਾ ਦਾ ਕੇਂਦਰ ਨਹੀਂ, ਸਗੋਂ ਦਮਦਮੀ ਟਕਸਾਲ ਦੀ ਗੁਰਮਤਿ ਪਰੰਪਰਾ, ਗੁਰਬਾਣੀ ਪ੍ਰਚਾਰ, ਪੰਥਕ ਸੇਵਾ ਅਤੇ ਸਿੱਖੀ ਦੇ ਪ੍ਰਸਾਰ ਦੀ ਜੀਵੰਤ ਵਿਰਾਸਤ ਦਾ ਪ੍ਰਤੀਕ ਹੈ। ਇੱਥੋਂ ਸੰਤ ਮਹਾਂਪੁਰਖਾਂ ਨੇ ਸਿੱਖ ਕੌਮ ਨੂੰ ਗੁਰਬਾਣੀ, ਗੁਰਮਤਿ ਅਤੇ ਸਿੱਖੀ ਦੇ ਸਿਧਾਂਤਾਂ ਨਾਲ ਜੋੜਨ ਲਈ ਆਪਣਾ ਜੀਵਨ ਅਰਪਣ ਕੀਤਾ। 24 ਅਗਸਤ 1969 ਨੂੰ ਰੱਖਿਆ ਗਿਆ ਇਹ ਨੀਂਹ ਪੱਥਰ ਦਮਦਮੀ ਟਕਸਾਲ ਦੇ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਇਸ ਇਤਿਹਾਸਕ ਅਸਥਾਨ ਨਾਲ ਜੁੜੇ ਸੰਤ ਮਹਾਂਪੁਰਖਾਂ ਦੀਆਂ ਸੇਵਾਵਾਂ, ਪੰਥਕ ਯੋਗਦਾਨ ਅਤੇ ਕੁਰਬਾਨੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਣਾ ਦਾ ਸਰੋਤ ਬਣੀਆਂ ਰਹਿਣਗੀਆਂ। ਇਹ ਹੈੱਡਕੁਆਰਟਰ ਅੱਜ ਵੀ ਗੁਰਮਤਿ ਦੀ ਰੌਸ਼ਨੀ, ਸੇਵਾ ਦੀ ਭਾਵਨਾ ਅਤੇ ਸਿੱਖੀ ਦੀ ਚੜ੍ਹਦੀ ਕਲਾ ਦਾ ਸੁਨੇਹਾ ਸੰਗਤਾਂ ਤੱਕ ਪਹੁੰਚਾ ਰਿਹਾ ਹੈ।

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar

www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪੜ੍ਹੀਏ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਧਾਰਮਿਕ ਆਸਥਾ 'ਤੇ ਸਿਆਸਤ, ਕਾਂਗਰਸ ਦਾ ਦੋਗਲਾ ਚਿਹਰਾ ਬੇਨਕਾਬ : ਪ੍ਰੋ. ਸਰਚਾਂਦ ਸਿੰਘ ਖਿਆਲਾ

# "ਧਾਰਮਿਕ ਯਾਤਰਾਵਾਂ ਮਾਨ ਸਰਕਾਰ ਦੀਆਂ ਨਾਕਾਮੀਆਂ 'ਤੇ ਪਰਦਾ ਨਹੀਂ ਪਾ ਸਕਦੀਆਂ"



**ਅੰਮ੍ਰਿਤਸਰ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਾਂਗਰਸ ਦੇ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ ਵੱਲੋਂ ਲੋਕਾਂ ਦੀ ਧਾਰਮਿਕ ਆਸਥਾ ਨੂੰ 'ਅਡੰਬਰ' ਕਹਿਣ ਦੀ ਸਖ਼ਤ ਆਲੋਚਨਾ ਕਰਦਿਆਂ

### ਵਿਚਾਰ ਆਪੋ-ਆਪਣਾ

ਕਿਹਾ ਕਿ ਕਾਂਗਰਸ ਦਾ ਸਨਾਤਨ ਤੇ ਸਿੱਖ ਧਰਮ ਵਿਰੋਧੀ ਚਿਹਰਾ ਇਕ ਵਾਰ ਫਿਰ ਬੇਨਕਾਬ ਹੋ ਗਿਆ ਹੈ, ਧਰਮ ਨਿਰਪੱਖਤਾ ਦਾ ਅਰਥ ਧਰਮ ਵਿਰੋਧੀ ਹੋਣਾ ਨਹੀਂ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਜੇ ਡਾ. ਗਾਂਧੀ ਧਾਰਮਿਕ ਯਾਤਰਾਵਾਂ ਅਤੇ ਧਾਰਮਿਕ ਕਾਰਜਾਂ 'ਤੇ ਸਰਕਾਰੀ ਪੈਸਾ ਖ਼ਰਚ ਕਰਨ ਨੂੰ ਆਪਣੇ ਵੱਲੋਂ ਸੰਵਿਧਾਨ ਦੀ ਉਲੰਘਣਾ ਜਾਂ ਫ਼ਿਰਕਾਪ੍ਰਸਤੀ ਨੂੰ ਉਤਸ਼ਾਹਿਤ ਕਰਨ ਵਾਲਾ ਮੰਨਦੇ ਹਨ ਤਾਂ ਉਨ੍ਹਾਂ ਨੂੰ ਕਾਂਗਰਸ ਦੀਆਂ ਉਨ੍ਹਾਂ ਪਿਛਲੀਆਂ ਕੇਂਦਰੀ ਸਰਕਾਰਾਂ ਦੀ ਨੀਤੀ 'ਤੇ ਵੀ ਆਪਣੀ ਸਥਿਤੀ ਸਪੱਸ਼ਟ ਕਰਨੀ ਚਾਹੀਦੀ ਹੈ, ਜਿਨ੍ਹਾਂ ਵੱਲੋਂ ਕਈ ਦਹਾਕਿਆਂ ਤੱਕ ਮੁਸਲਮਾਨ ਭਾਈਚਾਰੇ ਨੂੰ ਹੱਜ ਯਾਤਰਾ ਲਈ ਸਬਸਿਡੀ ਦਿੱਤੀ ਜਾਂਦੀ ਰਹੀ। ਉਨ੍ਹਾਂ ਕਿਹਾ ਕਿ "ਇੱਕੋ ਮਾਪਦੰਡ ਹਰ ਧਰਮ ਅਤੇ ਹਰ ਸਰਕਾਰ 'ਤੇ ਬਰਾਬਰ ਲਾਗੂ ਹੋਣਾ ਚਾਹੀਦਾ ਹੈ।"

ਪ੍ਰੋ. ਖਿਆਲਾ ਨੇ ਭਗਵੰਤ ਮਾਨ ਸਰਕਾਰ ਨੂੰ ਧਾਰਮਿਕ ਯਾਤਰਾ ਯੋਜਨਾਵਾਂ ਨੂੰ ਆਪਣੀ ਸਰਕਾਰ ਦੀਆਂ ਨਾਕਾਮੀਆਂ ਤੋਂ ਧਿਆਨ ਭਟਕਾਉਣ ਦੇ ਸਾਧਨ ਵਜੋਂ ਵਰਤਣ ਤੋਂ ਵੀ ਸੁਚੇਤ ਕੀਤਾ। ਉਨ੍ਹਾਂ ਕਿਹਾ, "ਮਾਨ ਸਰਕਾਰ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਧਾਰਮਿਕ ਯਾਤਰਾਵਾਂ ਕਰਵਾਉਣ ਨਾਲ ਪੰਜਾਬ ਦੇ ਸਾਹਮਣੇ ਮੌਜੂਦ ਬੁਨਿਆਦੀ ਸਮੱਸਿਆਵਾਂ 'ਤੇ ਸਰਕਾਰ ਦੀਆਂ ਨਾਕਾਮੀਆਂ ਨੂੰ ਲੁਕਾਇਆ ਨਹੀਂ ਜਾ ਸਕਦਾ।"

ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਦਲੀਲ ਕਿ ਲੋਕਾਂ ਦਾ ਪੈਸਾ ਮੁੱਖ ਤੌਰ 'ਤੇ ਸਿਹਤ, ਸਿੱਖਿਆ, ਰੋਜ਼ਗਾਰ ਅਤੇ ਬੁਨਿਆਦੀ ਢਾਂਚੇ 'ਤੇ ਖ਼ਰਚ ਹੋਣਾ ਚਾਹੀਦਾ ਹੈ, ਸਿਧਾਂਤਕ ਤੌਰ 'ਤੇ ਵਿਚਾਰਯੋਗ ਹੈ। ਉਨ੍ਹਾਂ ਕਿਹਾ ਕਿ ਪੰਜਾਬ ਕਰਜ਼ੇ ਦੇ ਵੱਡੇ ਬੋਝ ਹੇਠ ਹੈ ਅਤੇ ਇਸ ਦੀ ਅਰਥ ਵਿਵਸਥਾ ਵੈਂਟੀਲੇਟਰ 'ਤੇ ਹੈ ਜਿਸ ਕਾਰਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਬਕਾਏ ਨੂੰ ਲੈ ਕੇ ਸਰਕਾਰ 'ਤੇ ਸਵਾਲ ਉੱਠ ਰਹੇ ਹਨ, ਜਦਕਿ ਦੂਜੇ ਪਾਸੇ ਧਾਰਮਿਕ ਯਾਤਰਾ ਯੋਜਨਾਵਾਂ ਨਾਲ ਜੁੜੀ ਇਸ਼ਤਿਹਾਰਬਾਜ਼ੀ ਅਤੇ ਪ੍ਰਚਾਰ 'ਤੇ ਵੱਡੇ ਖ਼ਰਚੇ ਕੀਤੇ ਜਾਣ ਦੀਆਂ ਗੱਲਾਂ ਸਾਹਮਣੇ ਆ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਅੱਜ ਵੀ ਨਸ਼ਿਆਂ, ਬੇਰੁਜ਼ਗਾਰੀ, ਗੈਂਗਸਟਰਵਾਦ ਅਤੇ ਅਮਨ-ਕਾਨੂੰਨ ਵਰਗੀਆਂ ਗੰਭੀਰ ਚੁਣੌਤੀਆਂ ਨਾਲ ਜੂਝ ਰਿਹਾ ਹੈ ਅਤੇ ਲੋਕ ਆਪਣੀ ਸੁਰੱਖਿਆ ਨੂੰ ਲੈ ਕੇ ਚਿੰਤਤ ਹਨ। "ਸਰਕਾਰ ਨੂੰ ਹਸਪਤਾਲਾਂ, ਸਕੂਲਾਂ, ਰੋਜ਼ਗਾਰ, ਨਸ਼ਾ ਮੁਕਤੀ, ਕਿਸਾਨੀ ਅਤੇ ਅਮਨ-ਕਾਨੂੰਨ ਵਰਗੇ ਬੁਨਿਆਦੀ ਮੁੱਦਿਆਂ 'ਤੇ ਵੀ ਬਰਾਬਰ ਗੰਭੀਰਤਾ ਨਾਲ ਕੰਮ ਕਰਨਾ ਚਾਹੀਦਾ ਹੈ। ਧਾਰਮਿਕ ਯਾਤਰਾਵਾਂ ਆਸਥਾ ਦਾ ਵਿਸ਼ਾ ਹਨ, ਪਰ ਇਹ ਸੁਸ਼ਾਸਨ ਦਾ ਬਦਲ ਨਹੀਂ ਬਣ ਸਕਦੀਆਂ," ਉਨ੍ਹਾਂ ਕਿਹਾ।

ਪ੍ਰੋ. ਖਿਆਲਾ ਨੇ ਕਿਹਾ ਕਿ ਸਿਰਫ਼ ਸਰਕਾਰ ਦੀ ਛਵੀ ਨਿਖਾਰਨ ਲਈ ਜਨਤਕ ਪੈਸੇ ਦੀ ਵਰਤੋਂ ਕਿਸੇ ਵੀ ਹਾਲਤ ਵਿੱਚ ਜਾਇਜ਼ ਨਹੀਂ ਠਹਿਰਾਈ ਜਾ ਸਕਦੀ। ਭਾਜਪਾ ਸਰਕਾਰੀ ਖ਼ਜ਼ਾਨੇ ਦੀ ਕਿਸੇ ਵੀ ਬੇਤਰਤੀਬ ਜਾਂ ਫ਼ਜ਼ੂਲ ਵਰਤੋਂ ਦੇ ਹੱਕ ਵਿੱਚ ਨਹੀਂ ਹੈ। ਇਸ ਦੇ ਨਾਲ ਹੀ ਬਜ਼ੁਰਗਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਲਈ ਮੁਫ਼ਤ ਧਾਰਮਿਕ ਯਾਤਰਾਵਾਂ ਦੀਆਂ ਸਰਕਾਰੀ ਯੋਜਨਾਵਾਂ ਨੂੰ ਆਪਣੇ ਆਪ ਵਿੱਚ ਗ਼ਲਤ ਨਹੀਂ ਕਿਹਾ ਜਾ ਸਕਦਾ। ਹਾਲਾਂਕਿ, ਅਜਿਹੀਆਂ ਯੋਜਨਾਵਾਂ ਵਿੱਚ ਪੂਰੀ ਪਾਰਦਰਸ਼ਤਾ, ਸਪੱਸ਼ਟ ਯੋਗਤਾ ਮਾਪਦੰਡ, ਖ਼ਰਚੇ ਦਾ ਸਹੀ ਹਿਸਾਬ-ਕਿਤਾਬ, ਲਾਭਪਾਤਰੀਆਂ ਦਾ ਪੂਰਾ ਵੇਰਵਾ ਅਤੇ ਸਾਰੇ ਵਰਗਾਂ ਨਾਲ ਬਰਾਬਰ ਵਿਹਾਰ ਯਕੀਨੀ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ।

ਉਨ੍ਹਾਂ ਕਿਹਾ ਕਿ ਬਜ਼ੁਰਗਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣਾ ਸਤਿਕਾਰਯੋਗ ਅਤੇ ਲੋਕ-ਭਲਾਈ ਵਾਲਾ ਉਪਰਾਲਾ ਹੈ, ਪਰ ਇਸ ਦੀ ਪ੍ਰਬੰਧਕੀ ਕਾਰਗੁਜ਼ਾਰੀ ਵੀ ਓਨੀ ਹੀ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ "ਜੇ ਪ੍ਰਬੰਧਕੀ ਖਾਮੀਆਂ ਕਾਰਨ ਬੱਸਾਂ ਖਾਲੀ ਜਾਂ ਬਹੁਤ ਘੱਟ ਯਾਤਰੀਆਂ ਨਾਲ ਜਾ ਰਹੀਆਂ ਹਨ ਤਾਂ ਮਹਿੰਗੀ ਯੋਜਨਾ ਦੇ ਬਾਵਜੂਦ ਇਸ ਦੇ ਉਮੀਦ ਕੀਤੇ ਲਾਭ ਲੋਕਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਨਹੀਂ ਪਹੁੰਚ ਰਹੇ। ਇਹ ਜਨਤਕ ਪੈਸੇ ਦੇ ਪ੍ਰਬੰਧਨ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ, ਸਰਕਾਰ ਨੂੰ ਇਨ੍ਹਾਂ ਸਾਰੇ ਖ਼ਰਚਿਆਂ ਦਾ ਪੂਰਾ ਹਿਸਾਬ-ਕਿਤਾਬ ਲੋਕਾਂ ਦੇ ਸਾਹਮਣੇ ਰੱਖਣਾ ਚਾਹੀਦਾ ਹੈ ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਜਨਤਾ ਦੇ ਹਰ ਰੁਪਏ ਪ੍ਰਤੀ ਜਵਾਬਦੇਹੀ ਲਾਜ਼ਮੀ ਹੈ।

### ਬੀ.ਕਾਮ. ਸਮੈਸਟਰ ਦੂਜਾ ਦੇ ਸ਼ਾਨਦਾਰ ਨਤੀਜੇ ਨਾਲ

# ਕਾਲਜ ਦਾ ਵਧਿਆ ਮਾਣ : ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ




**ਚੌਕ ਮਹਿਤਾ, 24 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਦੇ ਬੀ.ਕਾਮ. ਸਮੈਸਟਰ ਦੂਜਾ ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਦਾ ਨਾਮ ਰੌਸ਼ਨ ਕੀਤਾ ਤੇ 80% ਤੱਕ ਦੇ ਉੱਚਤਮ ਅੰਕ ਹਾਸਲ ਕਰਕੇ ਵਿਦਿਆਰਥੀਆਂ ਨੇ ਆਪਣੀ ਮਿਹਨਤ ਅਧਿਆਪਕਾਂ ਦੀ ਸੁਚੱਜੀ ਅਗਵਾਈ ਦਾ ਸਬੂਤ ਦਿੱਤਾ। ਜਿਸ ਵਿੱਚ ਸੁਮਨਪ੍ਰੀਤ ਕੌਰ 80%, ਅਰਪਨਜੋਤ ਸਿੰਘ ,ਗੁਰਲੀਨ ਕੌਰ ,ਨਵਨੀਤ ਕੌਰ , ਸੁਖਮਨਦੀਪ ਕੌਰ 77%,ਸੰਦੀਪ ਕੌਰ ,ਅਰਮਾਨਦੀਪ ਸਿੰਘ,ਮਨਜਿੰਦਰ ਕੌਰ 76% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਸਰਾ ਸਥਾਨ ਹਾਸਿਲ ਕੀਤਾ। ਇਸਦੇ ਨਾਲ ਹੀ ਸੀਰਤਪ੍ਰੀਤ ਕੌਰ ,ਰਾਜਬੀਰ ਕੌਰ, ਜਸ਼ਨਪ੍ਰੀਤ ਸਿੰਘ ਅਤੇ ਮਨਪ੍ਰੀਤ ਸਿੰਘ ਨੇ ਵੀ ਵਧੀਆ ਅੰਕ ਪ੍ਰਾਪਤ ਕਰਕੇ ਕਾਲਜ ਅਤੇ ਮਾਪਿਆ ਦਾ ਨਾਮ ਰੌਸ਼ਨ ਕੀਤਾ। ਇਹ ਸ਼ਾਨਦਾਰ ਨਤੀਜਾ ਨਾ ਸਿਰਫ ਕਾਲਜ ਲਈ ਮਾਣ ਵਾਲੀ ਗੱਲ ਹੈ ਸਗੋਂ ਪੂਰੇ ਇਲਾਕੇ ਵਿੱਚ ਵੀ ਖੁਸ਼ੀ ਤੇ ਵਿਸ਼ੇਸ਼ ਪਛਾਣ ਦਾ ਵਿਸ਼ਾ ਹੈ। ਮਾਪਿਆਂ ਨੇ ਆਪਣੇ ਬੱਚਿਆਂ ਦੀ ਇਸ ਪ੍ਰਾਪਤੀ 'ਤੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਕਾਲਜ ਦੁਆਰਾ ਦਿੱਤੀ ਗਈ ਸਿੱਖਿਆ ਤੇ ਮਾਰਗਦਰਸ਼ਨ ਸ਼ਲਾਘਾਯੋਗ ਹੈ। ਕਾਲਜ ਪ੍ਰਿੰਸੀਪਲ ਸ: ਗੁਰਦੀਪ ਸਿੰਘ ਜਲਾਲ ਉਸਮਾ ਵੱਲੋਂ ਸਮੂਹ ਵਿਦਿਆਰਥੀਆਂ, ਮਾਪਿਆਂ ਤੇ ਅਧਿਆਪਕਾਂ ਨੂੰ ਸ਼ਾਨਦਾਰ ਨਤੀਜੇ ਲਈ ਵਧਾਈ ਦਿੱਤੀ ਗਈ ਤੇ ਉਹਨਾਂ ਨੇ ਕਿਹਾ ਕਿ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੀ ਲਗਨ ਤੇ ਮਾਪਿਆਂ ਦੇ ਸਹਿਯੋਗ ਸਦਕਾ ਇਹ ਸਫਲਤਾ ਪ੍ਰਾਪਤ ਹੋਈ ਹੈ। ਉਹਨਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਮਿਹਨਤ ਜਾਰੀ ਰੱਖਣ ਤੇ ਕਾਲਜ ਦਾ ਨਾਮ ਹੋਰ ਉੱਚਾ ਕਰਨ ਲਈ ਪ੍ਰੇਰਿਤ ਕੀਤਾ। ਇਸ ਸੁਭਾਗੇ ਮੌਕੇ 'ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕੁਲਦੀਪ ਕੌਰ,ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ ,ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ , ਨਵਨੀਤ ਕੌਰ, ਮਨਜੀਤ ਕੌਰ ,ਗੁਰਵਿੰਦਰ ਕੌਰ ,ਸੁਪ੍ਰੀਤ ਕੌਰ, ਬਲਜੀਤ ਕੌਰ, ਰੁਪਿੰਦਰ ਕੌਰ, ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

# ਰਾਜਵੰਤ ਸਿੰਘ ਘੁੱਲੀ ਨੂੰ ਦੁਬਾਰਾ ਮਾਰਕੀਟ ਕਮੇਟੀ ਦੇ ਚੇਅਰਮੈਨ ਬਣਨ ਤੇ ਸਮਰਥਕਾਂ ਨੇ ਵੰਡੇ ਲੱਡੂ




**ਧੂਰੀ (ਰਣਜੀਤ ਸਿੰਘ ਪੇਧਨੀ)**-ਆਮ ਆਦਮੀ ਪਾਰਟੀ ਵਿੱਚ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਸੇਵਾਵਾਂ ਨਿਭਾ ਰਹੇ ਮੁੱਖ ਮੰਤਰੀ ਦਫ਼ਤਰ ਇੰਚਾਰਜ ਸ ਰਾਜਵੰਤ ਸਿੰਘ ਘੁੱਲੀ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਦੇਖਦਿਆਂ ਹੋਇਆਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਮਾਮਲਿਆਂ ਦੇ ਇੰਚਾਰਜ ਮਨਨੀਸ਼ ਸੁਸ਼ੋਦੀਆ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਉਹਨਾਂ ਨੂੰ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਲਾ ਕੇ ਦੁਬਾਰਾ ਸੇਵਾ ਕਰਨ ਦਾ ਮੌਕਾ ਦਿੱਤਾ ਗਿਆ ਹੈ। ਇਸ ਮੌਕੇ ਉਹਨਾਂ ਦੇ ਸਮਰਥਕਾਂ ਵੱਲੋਂ ਮਾਰਕੀਟ ਕਮੇਟੀ ਧੂਰੀ ਵਿਖੇ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਦਫ਼ਤਰ ਇੰਚਾਰਜ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਅਤੇ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਪਿਛਲੇ ਸਮੇਂ ਤੋਂ ਇਲਾਕੇ ਵਿੱਚ ਆਮ ਆਦਮੀ ਪਾਰਟੀ ਨਾਲ ਸਰਗਰਮੀ ਨਾਲ ਜੁੜੇ ਹੋਏ ਹਨ। ਉਨ੍ਹਾਂ ਕਿਹਾ ਕਿ ਚੇਅਰਮੈਨ ਘੁੱਲੀ ਦੀ ਨਿਯੁਕਤੀ ਇਲਾਕੇ ਲਈ ਮਾਣ ਵਾਲੀ ਗੱਲ ਹੈ, ਉਹ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਚੇਅਰਮੈਨ ਬੱਬੂ ਐਮਸੀ, ਚੇਅਰਮੈਨ ਸੁਖਪਾਲ ਸਿੰਘ ਪਾਲਾ,ਚੇਅਰਮੈਨ ਜਸਵਿੰਦਰ ਖੁਰਮੀ, ਐਸੀ ਵਿੰਗ ਦੇ ਜਿਲ੍ਹਾ ਪ੍ਰਧਾਨ ਲਾਭ ਸਿੰਘ, ਅਜੈਬ ਸਿੰਘ ਹੈਪੀ ਐਮਸੀ, ਸੁਸੀਲ ਕੁਮਾਰ ਰਿੰਕੂ ਐਮ ਸੀ, ਅਮਨ ਬੇਨੜਾ, ਰਾਜੀਵ ਚੌਧਰੀ ਐਮਸੀ, ਮਾਣਾ ਗਰੇਵਾਲ, ਭਿੰਦਾ ਵਿਰਕ, ਚਾਹਤ ਚੀਨੂ ਧੂਰੀ , ਭਿੰਦਾ ਵਿਰਕ, ਸੰਜੇ ਜੇਪੀ, ਮਾਮਾ ਸਰਬਜੀਤ ਸਿੰਘ, ਮਨੀਸ ਕੁਮਾਰ ਸਰਪੰਚ ਰਾਜੂ ਬਰੜਵਾਲ, ਅਸ਼ਵਨੀ ਧੀਰ ਐਮਸੀ, ਸੋਢੀ ਐਮਸੀ, ਨਰੇਸ ਚੌਹਾਨ, ਸਰਪੰਚ ਰਾਜ ਸਿੰਘ ਮਾਨਵਾਲਾ, ਰਾਜੂ ਲੱਡਾ, ਜਸਵੀਰ ਸਿੰਘ ਜੱਜ ਐਮਸੀ, ਹਰਦੀਪ ਸਿੰਘ, ਹਾਜਰ ਸਨ।

# ਸਰਪੰਚ ਸੁਖਰਾਜ ਸਿੰਘ ਕਾਹਲੋਂ ਪੇਰੋਸਾਹ ਨੂੰ ਸਦਮਾ- ਵੱਡੇ ਭਰਾ ਦਾ ਦਿਹਾਂਤ



ਚੌਕ ਮਹਿਤਾ,, 24 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)-ਹਲਕਾ ਸ੍ਰੀ ਹਰਗੋ ਬਿੰਦਪੁਰ ਸਾਹਿਬ ਦੇ ਪਿੰਡ ਪੇਰੋਸ਼ਾਹ ਦੇ ਸਰਪੰਚ, ਪੰਚਾਇਤ ਯੂਨੀਅਨ ਦੇ ਸਰਪ੍ਰਸਤ ਤੇ ਐਲੀਮੈਂਟਰੀ ਟੀਚਰ ਯੂਨੀਅਨ ਦੇ ਸਾਬਕਾ ਪ੍ਰਧਾਨ ਸੁਖਰਾਜ ਸਿੰਘ ਕਾਹਲੋਂ ਤੇ ਮਾਸਟਰ ਜੁਗਰਾਜ ਸਿੰਘ ਕਾਹਲੋਂ ਨੂੰ ਉਸ ਵੇਲੇ ਗਹਿਰਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੇ ਵੱਡੇ ਭਰਾ ਸਾਬਕਾ ਸਰਪੰਚ ਤੇ ਰਾਸ਼ਟਰਪਤੀ ਐਵਾਰਡੀ ਗੁਰਮੀਤ ਸਿੰਘ ਕਾਹਲੋਂ ਪੁੱਤਰ ਸ: ਮਲੂਕ ਸਿੰਘ ਦਾ ਅਚਨਚੇਤ ਦਿਹਾਂਤ ਹੋ ਗਿਆ। ਉਨ੍ਹਾਂ ਦਾ ਅੰਤਿਮ ਸੰਸਕਾਰ ਜੱਦੀ ਪਿੰਡ ਪਰੋਸ਼ਾਹ ਵਿਖੇ ਕੀਤਾ ਗਿਆ। ਇਸ ਦੁੱਖ ਦੀ ਘੜੀ 'ਚ ਪ੍ਰਿੰਸੀਪਲ ਸੁਲੱਖਣ ਸਿੰਘ ਭੇਟ ਪੱਤਣ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਮਰੀਕ ਸਿੰਘ ਗੋਲਡੀ, ਹਰਵਿੰਦਰ ਰਪਾਲ ਸਿੰਘ ਸ਼ਾਹਬਾਦ, ਪ੍ਰਧਾਨ ਗੁਰਨਾਮ ਸਿੰਘ ਅਠਵਾਲ, ਜਗੀਰ ਸਿੰਘ ਪੱਡਾ, ਸਰਪੰਚ ਮਨਦੀਪ ਸਿੰਘ ਮਹਿਮਦ, ਸਾਬਕਾ ਸਰਪੰਚ ਹਰਦੇਵ ਸਿੰਘ ਬੱਦੋਵਾਲ, ਤੇਜਿੰਦਰ ਸਿੰਘ ਧਰਮਕੋਟ, ਕੇਵਲ ਸਿੰਘ ਕਾਜਮਪੁਰ, ਗੁਰਿੰਦਰ ਸਿੰਘ ਸਿੱਧੂ, ਮਲਕੀਤ ਸਿੰਘ ਕੱਦਗਿੱਲ, ਜਸਵੰਤ ਸਿੰਘ ਕਰਨਾਮਾ, ਮਾਸਟਰ ਜਗਤਾਰ ਸਿੰਘ ਬੇਦੀ, ਮਾਸਟਰ ਜਗਜੀਤ ਸਿੰਘ ਸਾਬਕਾ ਸਰਪੰਚ ਗੁਰਮੀਤ ਸਿੰਘ ਕਾਹਲੋਂ ਦੀ ਪੁਰਾਣੀ ਤਸਵੀਰ ਬੇਦੀ, ਹਰਪਾਲ ਸਿੰਘ ਬੋਲੇਵਾਲ, ਗੁਰਦੀਪ ਸਿੰਘ ਲਾਡੀ, ਡਾ. ਸੰਤੋਖ ਸਿੰਘ ਭੋਮਾ, ਲਾਜਵੰਤ ਸਿੰਘ ਲਾਟੀ ਪ੍ਰਧਾਨ ਸਰਪੰਚ ਯੂਨੀਅਨ, ਪਰਮਜੀਤ ਸਿੰਘ ਟੀਟਾ ਬਾਜਵਾ, ਗੁਰਬਚਨ ਸਿੰਘ ਬਾਜਵਾ, ਸੁਖਜਿੰਦਰ ਸਿੰਘ ਜੈਲਦਾਰ ਪੱਡਾ, ਕੁਲਵੰਤ ਸਿੰਘ ਬੋਹਜਾ, ਜਗਦੇਵ ਸਿੰਘ ਬੱਲ, ਹੀਰਾ ਸਿੰਘ ਦਕੋਹਾ, ਸੁਲੱਖਣ ਸਿੰਘ ਬੇਰੀ, ਹਰਜਿੰਦਰ ਸਿੰਘ ਯਾਦਪੁਰ, ਗੁਰਵਿੰਦਰ ਸਿੰਘ ਬੱਬੀ ਸਾਬਕਾ ਸਰਪੰਚ ਸੰਧਵਾਂ, ਹਰਜੀਤ ਸਿੰਘ ਬੱਦੋਵਾਲ ਬਲਾਕ ਸੰਮਤੀ ਮੈਂਬਰ, ਕੈਪਟਨ ਮੱਸਾ ਸਿੰਘ, ਸੰਦੀਪ ਸਿੰਘ ਬੱਦੋਵਾਲ, ਮਾਸਟਰ ਸੁਖਦੇਵ ਸਿੰਘ ਦਕੋਹਾ, ਗੁਰਦੇਵ ਸਿੰਘ ਰੰਧਾਵਾ, ਦਿਲਬਾਗ ਸਿੰਘ ਕੋਟਲਾ, ਰਾਜਦੇਵ ਸਿੰਘ ਚੌਧਰੀਵਾਲ, ਰਜਿੰਦਰ ਕੁਮਾਰ ਬਿੱਟੂ ਆੜ੍ਹਤੀ, ਜਤਿੰਦਰ ਸਿੰਘ ਪੰਜੋਚੱਕ, ਹਰਪਾਲ ਸਿੰਘ ਘੁਮਾਣ, ਲਖਵਿੰਦਰ ਸਿੰਘ ਪੱਡਾ ਸਾਬਕਾ ਬਲਾਕ ਪ੍ਰਾਇਮਰੀ ਅਫਸਰ, ਮਨਦੀਪ ਸਿੰਘ ਪੱਡਾ, ਰਾਮ ਸਿੰਘ ਸਰਪੰਚ ਭੱਟੀਵਾਲ, ਜੋਗਿੰਦਰ ਸਿੰਘ ਰੰਧਾਵਾ, ਦਿਲਰਾਜ ਸਿੰਘ ਅੰਮ੍ਰਿਤਸਰ, ਮੁਖਤਾਰ ਸਿੰਘ ਖਹਿਰਾ, ਰੁਪਿੰਦਰ ਸਿੰਘ ਖਹਿਰਾ, ਅਵਤਾਰ ਸਿੰਘ ਪੱਡਾ ਵਲੋਂ ਪਹੁੰਚ ਕੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

# ਗੁਰਦੁਆਰਾ ਛੇਵੀਂ ਪਾਤਸ਼ਾਹੀ ਗੁਰੂ ਕੀ ਬੇਰ ਮੱਤੇਵਾਲ ਵਿਖੇ ਚੇਅਰਮੈਨ ਲਖਵਿੰਦਰ ਸਿੰਘ ਜਲਾਲ ਉਸਮਾ ਹੋਏ ਨਤਮਸਤਕ



**ਚੌਕ ਮਹਿਤਾ, 24 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਸਰਦਾਰ ਲਖਵਿੰਦਰ ਸਿੰਘ ਜਲਾਲ ਉਸਮਾ ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਬਣ ਉਪਰੰਤ ਨਤਮਸਤਕ ਹੋਏ੍ਹ ਇਸ ਉਪਰੰਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਵੱਲੋਂ ਉਹਨਾਂ ਨੂੰ ਸਿਰੋਪਾਓ ਦੀ ਦਾਤ ਬਖਸ਼ੀ ਗਈ੍ਹ ਇਸ ਮੌਕੇ ਪਰਮਜੀਤ ਸਿੰਘ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ,ਅਮਰਜੀਤ ਸਿੰਘ,ਅਵਿਨਾਸ਼ ਸਿੰਘ, ਅਰਮਿੰਦਰਬੀਰ ਸਿੰਘ, ਇਕਬਾਲ ਸਿੰਘ ਜਲਾਲ ਉਸਮਾ,ਬਾਬਾ ਜੱਸਾ ਸਿੰਘ, ਬਾਬਾ ਰਾਜਾ,ਬਾਬਾ ਸੁੱਖਾ ਸਿੰਘ,ਰਾਣਾ ਬਾਬੋਵਾਲ,ਜਗਰੂਪ ਸਿੰਘ, ਬਲਹਾਰ ਸਿੰਘ, ਅਵਤਾਰ ਸਿੰਘ ਬੋਪਾਰਾਏ, ਕੁਲਦੀਪ ਸਿੰਘ ਬੋਪਾਰਾਏ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਜੀ.ਕੇ.ਯੂ. ਦਾ ਸਮਾਰੋਹ "ਯਾਦਾਂ ਦੀਆਂ ਤੰਦਾਂ"

# ਆਪਣੀਆਂ ਯਾਦਗਾਰੀ ਪੈੜਾਂ ਛੱਡਦਾ ਸਮਾਪਤ




**ਤਲਵੰਡੀ ਸਾਬੋ, 24 ਅਗਸਤ ਗੁਰਜੰਟ ਸਿੰਘ ਨਥੇਹਾ)**- ਨਵੇਂ ਸੈਸ਼ਨ ਦੇ ਵਿਦਿਆਰਥੀਆਂ ਦੇ ਸੁਆਗਤ ਅਤੇ ਕੋਰਸ ਪੂਰਾ ਕਰਕੇ ਜਾ ਰਹੇ ਵਿਦਿਆਰਥੀਆਂ ਨੂੰ ਉਜਵੱਲ ਭਵਿੱਖ ਦੀਆਂ ਸ਼ੁੱਭ ਕਾਮਨਾਵਾਂ ਭੇਂਟ ਕਰਨ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਪਰਫੋਰਮਿੰਗ ਆਰਟਸ ਵੱਲੋਂ ਸ਼ਾਨਦਾਰ ਸਮਾਰੋਹ "ਯਾਦਾਂ ਦੀਆਂ ਤੰਦਾਂ" ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਮੌਕੇ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ ਵਿੱਚ




ਵਾਧਾ ਕਰਨ ਅਤੇ ਮਨੋਰੰਜਨ ਲਈ ਮਾਡਲਿੰਗ, ਗਾਇਨ, ਸ਼ਾਇਰੀ, ਕਵਿਤਾ ਉਚਾਰਣ , ਡਾਂਸ, ਲੋਕ-ਨਾਚ, ਅਤੇ ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਗਏ। ਜੱਜਾਂ ਦੇ ਸਰਵ-ਸੰਮਿਤੀ ਨਾਲ ਦਿੱਤੇ ਫੈਸਲੇ ਅਨੁਸਾਰ ਮਾਜ਼ਿਦ ਨੂੰ ਮਿਸਟਰ ਫਰੈਸ਼ਰ, ਪ੍ਰਭਜੋਤ ਕੌਰ ਨੂੰ ਮਿਸ ਫਰੈਸ਼ਰ, ਲਵਪ੍ਰੀਤ ਕੌਰ ਨੂੰ ਮਿਸ ਫੇਅਰਵੈਲ, ਸੁਖਮਨ ਸਿੰਘ ਨੂੰ ਮਿਸਟਰ ਸਮਾਰਟ ਚੁਣਿਆ ਗਿਆ। ਇਸ ਮੌਕੇ ਰੈਗਿੰਗ ਵਿਰੁੱਧ ਜਾਗਰੂਕਤਾ ਪੈਦਾ ਕਰਦੇ ਲਘੂ ਨਾਟਕ "ਅਣਡਿੱਠੀਆਂ ਬੇੜੀਆਂ" ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ। ਸਮਾਗਮ ਮੌਕੇ ਮੁੱਖ ਮਹਿਮਾਨ ਡਾ. ਸਿੰਘ ਨੇ ਵਿਦਿਆਰਥੀਆਂ ਨੂੰ ਸ਼ੁੱਭ ਕਾਮਨਾਵਾਂ ਭੇਂਟ ਕਰਦੇ ਹੋਏ ਕਿਹਾ ਕਿ ਭਾਰਤ ਵੱਖ-ਵੱਖ ਧਰਮਾਂ, ਜਾਤੀਆਂ, ਰੀਤੀ-ਰਿਵਾਜਾਂ, ਅਤੇ ਸੱਭਿਆਚਾਰਾਂ ਦਾ ਦੇਸ਼ ਹੈ, ਜੋ ਇਸ ਨੂੰ ਸੰਸਕ੍ਰਿਤਕ ਪੱਖੋਂ ਮਹਾਨ ਤੇ ਦੁਨੀਆਂ ਦਾ ਵਿਲੱਖਣ ਦੇਸ਼ ਬਣਾਉਂਦੇ ਹਨ। ਉਹਨਾਂ ਕਿਹਾ ਕਿ ਜੀ.ਕੇ.ਯੂ. ਵਿਖੇ ਦੁਨੀਆਂ ਦੇ ਕਈ ਦੇਸ਼ਾਂ ਅਤੇ ਰਾਜਾਂ ਦੇ ਵਿਦਿਆਰਥੀ ਦੂਰ-ਦੂਰ ਤੋਂ ਉੱਚ ਸਿੱਖਿਆ ਹਾਸਿਲ ਕਰਨ ਆਉਂਦੇ ਹਨ, ਜੋ ਭਾਰਤ ਦੀ ਅਨੇਕਤਾ ਵਿੱਚ ਏਕਤਾ ਦੀ ਦਿਲਕਸ਼ ਤਸਵੀਰ ਪੇਸ਼ ਕਰਦਾ ਹੈ। ਉਹਨਾਂ ਵਿਦਿਆਰਥੀਆਂ ਨੂੰ ਮਿਲਵਰਤਣ, ਭਾਈਚਾਰੇ ਅਤੇ ਇੱਕ-ਦੂਜੇ ਦੀ ਮਦਦ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਫੈਕਲਟੀ ਡੀਨ ਅਤੇ ਡਾਇਰੈਕਟਰ ਯੁਵਾ ਤੇ ਸੱਭਿਆਚਾਰਕ ਮਾਮਲੇ ਡਾ. ਕੰਵਲਜੀਤ ਕੌਰ ਨੇ ਦੱਸਿਆ ਕਿ ਨਵੇਂ ਵਿਦਿਆਰਥੀਆਂ ਅਤੇ ਪੁਰਾਣੇ ਵਿਦਿਆਰਥੀਆਂ ਦੇ ਮੇਲ-ਜੋਲ ਨੂੰ ਵਧਾਉਣ, ਅਤੇ ਦੇਸ਼ ਦੇ ਬਹੁਮੁੱਖੀ ਸੱਭਿਆਚਾਰ ਨੂੰ ਸਮਝਣ ਲਈ ਅਜਿਹੇ ਆਯੋਜਨ ਪੁਲ ਦਾ ਕੰਮ ਕਰਦੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੇ ਹੁਨਰ ਵਿੱਚ ਦਿਲਚਸਪੀ, ਆਪਸੀ ਤਾਲਮੇਲ ਅਤੇ ਹਾਸਿਲ ਕੀਤੀ ਪ੍ਰਯੋਗਾਤਮਕ ਜਾਣਕਾਰੀ ਉਨ੍ਹਾਂ ਲਈ ਸਵੈ-ਉਦਯੋਗ ਸਥਾਪਨ ਰਾਹੀਂ ਰੁਜਗਾਰ ਲੈਣ ਦੀ ਜਗ੍ਹਾ ਰੁਜਗਾਰ ਦੇਣ ਦੇ ਉਪਰਾਲੇ ਕਰਨ ਵਿੱਚ ਸਹਾਈ ਹੁੰਦੀ ਹੈ। ਉਹਨਾਂ ਕੋਰਸ ਪੂਰਾ ਕਰਕੇ ਜਾ ਰਹੇ, ਵਿਦਿਆਰਥੀਆਂ ਦੇ ਉਜਵਲ ਭਵਿੱਖ ਲਈ ਕਾਮਨਾ ਕੀਤੀ ਅਤੇ ਵਿਦਿਆਰਥੀਆਂ ਨੂੰ ਸ਼ੁਭ ਇੱਛਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਜੀਵਨ ਦੇ ਵੱਖ ਵੱਖ ਖੇਤਰਾਂ ਵਿੱਚ ਗਤੀਵਿਧੀਆਂ ਕਰਦਿਆਂ ਇਹ ਵਿਦਿਆਰਥੀ ਯੂਨੀਵਰਸਿਟੀ ਦੇ ਰਾਜਦੂਤ ਬਣਦੇ ਹਨ।

### ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਨੇ ਦਿੱਤੀ

# 15 ਸਤੰਬਰ ਤੋਂ ਪੰਜਾਬ ਪੱਧਰੀ ਸੰਘਰਸ਼ ਦੀ ਚੇਤਾਵਨੀ



ਤਲਵੰਡੀ ਸਾਬੋ, 24 ਅਗਸਤ (ਗੁਰਜੰਟ ਸਿੰਘ ਨਥੇਹਾ)- ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਦੇ ਨੁਮਾਇੰਦੇ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦੇ ਸਬੰਧ ਵਿੱਚ ਕਿਰਤ ਵਿਭਾਗ, ਫੇਸ 10 ਮੋਹਾਲੀ ਵਿਖੇ ਪੇਸ਼ ਹੋਏ। ਵਿਭਾਗ ਨੂੰ ਪਹਿਲਾਂ ਦਿੱਤੇ ਗਏ ਮੰਗ ਪੱਤਰ ਉੱਪਰ ਹੁਣ ਤੱਕ ਕੋਈ ਵੀ ਈਮਾਨਦਾਰਾਨਾ ਕਾਰਵਾਈ ਨਹੀਂ ਕੀਤੀ ਗਈ, ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਯੂਨੀਅਨ ਦੇ ਆਗੂਆਂ ਸੂਬਾ ਪ੍ਰਧਾਨ ਬਲਜਿੰਦਰ ਸਿੰਘ, ਬਠਿੰਡਾ ਜਿਲ੍ਹਾ ਪ੍ਰਧਾਨ ਜਿੰਨੀ ਸ਼ਰਮਾ ਨੇ ਤਲਵੰਡੀ ਸਾਬੋ ਵਿਖੇ ਪਹੁੰਚ ਕੇ ਦੱਸਿਆ ਕਿ ਕੈਬਨਿਟ ਮੰਤਰੀ ਅਮਨ ਅਰੋੜਾ ਨਾਲ ਹੋਈਆਂ ਪਿਛਲੀਆਂ ਮੀਟਿੰਗਾਂ ਦਾ ਵੀ ਹੁਣ ਤੱਕ ਕੋਈ ਸਾਰਥਕ ਸਿੱਟਾ ਨਹੀਂ ਨਿਕਲਿਆ ਹੈ। ਮੰਗਾਂ ਉੱਪਰ ਟਾਲ-ਮਟੋਲ ਦੀ ਨੀਤੀ ਤੋਂ ਇਹ ਸਾਫ਼ ਜਾਪਦਾ ਹੈ ਕਿ ਪੰਜਾਬ ਸਰਕਾਰ ਅਤੇ ਨਿੱਜੀ ਕੰਪਨੀਆਂ ਆਪਸ ਵਿੱਚ ਮਿਲੀਆਂ ਹੋਈਆਂ ਹਨ, ਜਿਸ ਕਾਰਨ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਦਾ ਸ਼ੋਸ਼ਣ ਹੋ ਰਿਹਾ ਹੈ।ਯੂਨੀਅਨ ਨੇ ਵਿਭਾਗ ਅਤੇ ਸਰਕਾਰ ਨੂੰ ਸਪਸ਼ਟ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਹੈ ਕਿ ਜੇਕਰ ਦਿੱਤੇ ਗਏ ਮੰਗ ਪੱਤਰ ਉੱਪਰ ਤੁਰੰਤ ਕੋਈ ਕਾਰਵਾਈ ਨਾ ਕੀਤੀ ਗਈ, ਤਾਂ 15 ਸਤੰਬਰ 2026 ਤੋਂ ਪੂਰੇ ਪੰਜਾਬ ਪੱਧਰ 'ਤੇ ਇੱਕ ਵਿਸ਼ਾਲ ਸੰਘਰਸ਼ ਵਿੱਢਿਆ ਜਾਵੇਗਾ। ਇਸ ਸੰਘਰਸ਼ ਦੇ ਪਹਿਲੇ ਪੜਾਅ ਤਹਿਤ ਫੇਸ 10 ਸਥਿਤ ਕਿਰਤੀ ਭਵਨ, ਮੋਹਾਲੀ ਵਿਖੇ ਵੱਡੇ ਪੱਧਰ 'ਤੇ ਰੋਸ ਮਾਰਚ ਕੀਤਾ ਜਾਵੇਗਾ। ਯੂਨੀਅਨ ਆਗੂਆਂ ਨੇ ਐਲਾਨ ਕੀਤਾ ਕਿ ਜੇਕਰ ਇਸ ਸੰਘਰਸ਼ ਨਾਲ ਆਮ ਜਨਤਾ ਨੂੰ ਕੋਈ ਪਰੇਸ਼ਾਨੀ ਹੁੰਦੀ ਹੈ ਜਾਂ ਕੋਈ ਅਣਸੁਖਾਵੀਂ ਘਟਨਾ ਵਾਪਰਦੀ ਹੈ, ਤਾਂ ਉਸ ਦੀ ਪੂਰੀ ਜ਼ਿੰਮੇਵਾਰੀ ਕਿਰਤ ਵਿਭਾਗ ਅਤੇ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਸਲਾਹਕਾਰ ਵਕੀਲ ਸਿੰਘ, ਗੁਰਜੀਤ ਸਿੰਘ, ਗੁਰਪ੍ਰੀਤ ਸਿੰਘ, ਮੀਤ ਪ੍ਰਧਾਨ ਮੋਹਣੀ ਸ਼ਰਮਾ, ਰਾਕੇਸ਼ ਕੁਮਾਰ, ਸੁਖਪਾਲ ਸਿੰਘ, ਪ੍ਰਭਜੀਤ ਸਿੰਘ ਆਦਿ ਹੋਰ ਵੀ ਸਾਥੀ ਸਾਮਲ ਸਨ।

**ਮੋਹਾਲੀ ਦੇ ਕਿਰਤੀ ਭਵਨ ਵਿਖੇ ਕੀਤਾ ਜਾਵੇਗਾ ਰੋਸ ਮਾਰਚ- ਜਿਲ੍ਹਾ ਪ੍ਰਧਾਨ**

# ਦਸ਼ਮੇਸ਼ ਕਾਲਜ ਮਹਿਤਾ ਚੌਕ ਦਾ ਬੀ.ਕਾਮ. ਭਾਗ-ਦੂਸਰਾ ਦਾ ਨਤੀਜਾ ਰਿਹਾ ਸ਼ਾਨਦਾਰ



**ਚੌਕ ਮਹਿਤਾ, 24 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਬੀ.ਕਾਮ. ਭਾਗ ਦੂਸਰਾ ਦਾ ਨਤੀਜਾ ਐਲਾਨਿਆ ਗਿਆ ਜਿਸ ਵਿੱਚ ਦਸ਼ਮੇਸ਼ ਕਾਲਜ ਫ਼ਾਰ ਵਿਮਨ ਦੀਆਂ ਵਿਦਿਆਰਥਣਾਂ ਦੇ ਨਤੀਜੇ ਉਹਨਾਂ ਦੀ ਮਿਹਨਤ ਸਦਕਾ ਸੌ ਫੀਸਦੀ ਰਹੇ। ਕਾਲਜ ਦੀ ਨਵਨੀਤ ਕੌਰ ਨੇ 71% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਖੁਸ਼ਪ੍ਰੀਤ ਕੌਰ ਨੇ, 70% ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਅਤੇ ਜਸਪ੍ਰੀਤ ਕੌਰ ਨੇ 69% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਇਸਦੇ ਨਾਲ ਹੀ ਬਾਕੀ ਵਿਦਿਆਰਥਣਾਂ ਨੇ ਵਧੀਆ ਅੰਕ ਹਾਸਿਲ ਕਰਕੇ ਕਾਲਜ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਸਮੂਹ ਸਟਾਫ ਅਤੇ ਮਾਪਿਆਂ ਦੁਆਰਾ ਇਸ ਸ਼ਾਨਦਾਰ ਨਤੀਜੇ ਲਈ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਅਤੇ ਵਿਦਿਆਰਥਣਾਂ ਦੁਆਰਾ ਭਵਿੱਖ ਵਿੱਚ ਇਸੇ ਤਰ੍ਹਾਂ ਮਿਹਨਤ ਕਰਦੇ ਰਹਿਣ ਦਾ ਪ੍ਰਣ ਕੀਤਾ। ਇਸ ਮੌਕੇ ਸਫ਼ਲ ਵਿਦਿਆਰਥੀਆਂ ਨੇ ਆਪਣੀ ਸਫਲਤਾ ਦਾ ਸਿਹਰਾ ਕਾਲਜ ਦੇ ਅਧਿਆਪਕਾਂ,ਮਾਪਿਆਂ ਅਤੇ ਕਾਲਜ ਵੱਲੋਂ ਮਿਲੇ ਉੱਚੀ ਅਕਾਦਮਿਕ ਮਾਹੌਲ ਨੂੰ ਦਿੱਤਾ। ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਦੇ ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥਣਾਂ ਦਾ ਮੂੰਹ ਮਿੱਠਾ ਕਰਵਾ ਕੇ ਮੁਬਾਰਕਬਾਦ ਦਿੱਤੀ ਤੇ ਉਹਨਾਂ ਨੂੰ ਆਉਣ ਵਾਲੇ ਭਵਿੱਖ ਵਿੱਚ ਇਸੇ ਤਰ੍ਹਾਂ ਮਿਹਨਤ ਕਰਕੇ ਕਾਮਯਾਬੀ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਪ੍ਰਿੰਸੀਪਲ ਮੈਡਮ ਗੁਰਬੀਰ ਕੌਰ, ਡਾਇਰੈਕਟਰ ਮੈਡਮ ਹਰਪ੍ਰੀਤ ਕੌਰ, ਕੋਆਰਡੀਨੇਟਰ ਮੈਡਮ ਰਵਿੰਦਰ ਕੌਰ ਅਤੇ ਸਮੂਹ ਸਟਾਫ ਅਤੇ ਵਿਦਿਆਰਥਣਾਂ ਹਾਜ਼ਰ ਸਨ।

# ਮੁਲਾਜ਼ਮਾਂ ਦੀਆਂ ਮੰਗਾਂ ਅਣਗੌਲੀਆਂ ਕਰਨਾ ਸਰਕਾਰ ਦੀ ਵੱਡੀ ਨਾਕਾਮੀ—ਜਸਬੀਰ ਸਿੰਘ ਭੁੱਲਰ

## 180 ਈ.ਟੀ.ਈ. ਅਧਿਆਪਕਾਂ ਤੇ ਹੋਏ ਪੁਲਿਸ ਤਸ਼ੱਦਦ ਦੀ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਕੜੇ ਸ਼ਬਦਾਂ ਵਿੱਚ ਨਿੰਦਾ

ਫ਼ਿਰੋਜ਼ਪੁਰ, 24 ਅਗਸਤ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਹਲਕਾ ਫ਼ਿਰੋਜ਼ਪੁਰ ਸ਼ਹਿਰ ਤੋਂ ਇੰਚਾਰਜ ਜਸਬੀਰ ਸਿੰਘ ਭੁੱਲਰ ਨੇ ਸੂਬਾ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦੀ ਤਿੱਖੀ ਆਲੋਚਨਾ ਕਰਦਿਆਂ 27 ਜੁਲਾਈ ਨੂੰ ਮੁਲਾਜ਼ਮ ਜਥੇਬੰਦੀਆਂ ਵੱਲੋਂ ਕੀਤੀ ਜਾ ਰਹੀ ਦੇਸ਼—ਵਿਆਪੀ ਹੜਤਾਲ ਦਾ ਪੂਰਨ ਸਮਰਥਨ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਤੁਰੰਤ ਮੰਨਣਾ ਸਰਕਾਰ ਦਾ ਨੈਤਿਕ ਅਤੇ ਪ੍ਰਸ਼ਾਸਨਿਕ ਫ਼ਰਜ਼ ਹੈ। ਗੱਲਬਾਤ ਕਰਦਿਆਂ ਜਸਬੀਰ ਸਿੰਘ ਭੁੱਲਰ ਨੇ ਕਿਹਾ ਕਿ ਮੁਲਾਜ਼ਮ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਹਨ ਅਤੇ ਆਉਣ ਵਾਲੀ 27 ਅਗਸਤ ਨੂੰ ਮੁਲਾਜ਼ਮ ਜਥੇਬੰਦੀਆਂ ਵੱਲੋਂ ਉਨ੍ਹਾਂ ਦੀ ਜਿੱਥੇ ਵੀ ਡਿਊਟੀ ਲਗਾਈ ਜਾਵੇਗੀ, ਉਹ ਉਸ ਨੂੰ ਪੂਰੀ ਤਨਦੇਹੀ, ਇਮਾਨਦਾਰੀ ਅਤੇ ਨਿਸ਼ਠਾ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਰਿਹਾਇਸ਼ ਅੱਗੇ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸ਼ਾਂਤਮਈ ਢੰਗ ਨਾਲ ਧਰਨਾ ਦੇ ਰਹੇ 180 ਈ.ਟੀ.ਈ. ਅਧਿਆਪਕਾਂ ਨਾਲ ਹੋਏ ਦੁਰਵਿਵਹਾਰ ਦੀ ਖੁੱਲ੍ਹ ਕੇ ਨਿਖੇਧੀ ਕਰਦਿਆਂ ਉਨ੍ਹਾਂ ਗੰਭੀਰ ਦੋਸ਼ ਲਗਾਏ। ਉਨ੍ਹਾਂ ਕਿਹਾ ਕਿ ਪ੍ਰਦਰਸ਼ਨਕਾਰੀ ਅਧਿਆਪਕਾਂ ਨਾਲ ਬੁਰੇ ਤਰੀਕੇ ਨਾਲ ਕੁੱਟਮਾਰ ਕੀਤੀ ਗਈ ਅਤੇ ਉਨ੍ਹਾਂ ਨੂੰ ਧੱਕੇ ਨਾਲ ਚੁੱਕ—ਚੁੱਕ ਕੇ ਬੱਸਾਂ ਵਿੱਚ ਸੁੱਟਿਆ ਗਿਆ। ਉਨ੍ਹਾਂ ਵਿਸ਼ੇਸ਼ ਤੌਰ ਤੇ ਅਫ਼ਸੋਸ ਜਤਾਉਂਦਿਆਂ ਕਿਹਾ ਕਿ ਸ਼ਾਂਤਮਈ ਪ੍ਰਦਰਸ਼ਨ ਕਰ ਰਹੀਆਂ ਲੇਡੀਜ਼ (ਮਹਿਲਾ) ਅਧਿਆਪਕਾਵਾਂ ਨੂੰ ਵੀ ਮਰਦ ਪੁਲਿਸ ਕਰਮਚਾਰੀਆਂ ਵੱਲੋਂ ਧੱਕ ਕੇ ਬੱਸਾਂ ਵਿੱਚ ਧੱਕਿਆ ਗਿਆ। ਅਧਿਆਪਕਾਂ ਅਤੇ ਮਹਿਲਾਵਾਂ ਤੇ ਕੀਤਾ ਗਿਆ ਇਹ ਜ਼ੁਲਮ ਬੇਹੱਦ ਸ਼ਰਮਨਾਕ ਅਤੇ ਲੋਕਤੰਤਰ ਦਾ ਘਾਣ ਹੈ। ਸ੍ਰੀ ਜਸਬੀਰ ਸਿੰਘ ਭੁੱਲਰ ਨੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਇਸ ਘਟਨਾ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਮੰਗ ਕੀਤੀ ਕਿ ਸਰਕਾਰ ਤੁਰੰਤ ਅਧਿਆਪਕਾਂ ਅਤੇ ਹੋਰ ਮੁਲਾਜ਼ਮ ਜਥੇਬੰਦੀਆਂ ਦੀਆਂ ਮੰਗਾਂ ਦਾ ਨਿਪਟਾਰਾ ਕਰੇ, ਨਹੀਂ ਤਾਂ ਆਉਣ ਵਾਲੇ ਸਮੇਂ ਵਿੱਚ ਇਸ ਦਾ ਢੁੱਕਵਾਂ ਜਵਾਬ ਦਿੱਤਾ ਜਾਵੇਗਾ।



# 2.59 ਗੁਣਾਂਕ ਨੂੰ ਪੈਨਸ਼ਨਰਾਂ 'ਤੇ ਲਾਗੂ ਕਰਨ ਲਈ ਹਾਈ ਪਾਵਰ ਕਮੇਟੀ ਬਣਾਈ

**ਜਲੰਧਰ:24 ਅਗੱਸਤ (ਆਵਾਜ਼ਿ ਕੌਮ ਬਿਊਰੋ)**-ਅੱਜ ਪੰਜਾਬ ਪੈਨਸ਼ਨਰਜ਼ ਜੁਆਇੰਟ ਫਰੰਟ ਦੇ ਇੱਕ ਵਫਦ ਦੀ ਮੀਟਿੰਗ ਕੈਬਨਿਟ ਵਿੱਤ ਮੰਤਰੀ ਸ਼੍ਰੀ ਹਰਪਾਲ ਸਿੰਘ ਚੀਮਾ ਦੇ ਦਫ਼ਤਰ ਸਿਵਲ ਸਕੱਤਰੇਤ ਪੰਜਾਬ, ਚੰਡੀਗੜ੍ਹ ਵਿਖੇ ਹੋਈ। ਵਫਦ ਵੱਲੋਂ 12 ਅਗਸਤ 2026 ਦੀ ਮੀਟਿੰਗ ਵਿੱਚ ਜੋ ਪੱਤਰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਜੀ ਨੂੰ ਦਿੱਤਾ ਗਿਆ ਸੀ ਉਸ ਤੇ ਖੁੱਲ੍ਹ ਕੇ ਵਿਚਾਰ ਚਰਚਾ ਹੋਈ। ਵਫ਼ਦ ਵੱਲੋਂ ਮੰਗ ਪੱਤਰ ਦੇ ਪਹਿਲੇ ਹੀ ਪੁਆਇੰਟ 2.59 ਦੇ ਗੁਣਾਂਕ ਨੂੰ ਪੈਨਸ਼ਨਰਾਂ 'ਤੇ ਲਾਗੂ ਕਰਨ ਲਈ ਵਿੱਤ ਮੰਤਰੀ ਸਾਹਿਬ ਨੂੰ ਕਿਹਾ ਗਿਆ ਤਾਂ ਉਹਨਾਂ ਦੱਸਿਆ ਕਿ 2.59 ਦੇ ਗੁਣਾਂਕ ਨੂੰ ਲਾਗੂ ਕਰਨ ਲਈ ਪਹਿਲਾਂ ਹੀ ਇੱਕ ਹਾਈ ਪਾਵਰ ਕਮੇਟੀ ਦਾ ਗਠਨ ਕੀਤਾ ਜਾ ਚੁੱਕਾ ਹੈ। ਜਿਸ ਵਿੱਚ ਸ੍ਰੀ ਅਲੋਕ ਸ਼ੇਖਰ ਆਈ ਏ ਐਸ ਇਸ ਕਮੇਟੀ ਦੇ ਮੁਖੀ ਹੋਣਗੇ ਅਤੇ ਅਰਵਿੰਦ ਕੁਮਾਰ ਆਈ ਏ ਐਸ, ਐਮ ਕੇ ਸ਼ੌਕਤ ਅਹਿਮਦ ਪਰੇ ਸਪੈਸ਼ਲ ਸਕੱਤਰ, ਰਾਕੇਸ਼ ਕੁਮਾਰ ਆਈ ਏ ਐਸ, ਅਮਨਦੀਪ ਮਹਿਤਾ ਲਾ ਆਫ਼ੀਸਰ ਮੈਂਬਰ ਬਣਾਏ ਗਏ। ਇਸ ਕਮੇਟੀ ਦੀ ਮੀਟਿੰਗ ਕੱਲ੍ਹ ਮਿਤੀ 25 ਅਗਸਤ 2026 ਨੂੰ ਮਿਨੀ ਸਕੱਤਰੇਤ ਚੰਡੀਗੜ੍ਹ ਵਿਖੇ 11:00ਵਜੇ ਨਿਸ਼ਿਚਤ ਕੀਤੀ ਗਈ ਹੈ। ਜਿਸ ਵਿੱਚ ਪੈਨਸ਼ਨਰਜ਼ ਜੁਆਂਇੰਟ ਫਰੰਟ ਦੇ ਆਗੂਆਂ ਨੂੰ ਵੀ ਸੱਦਾ ਦਿੱਤਾ ਗਿਆ ਹੈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ 2.59 ਗੁਣਾਂਕ ਨੂੰ ਪੈਨਸ਼ਨਰਾਂ 'ਤੇ ਲਾਗੂ ਕਰਨ ਲਈ ਗੱਲਬਾਤ ਹੋਵੇਗੀ। ਇਸ ਵਫ਼ਦ ਵਿੱਚ ਸ੍ਰੀ ਕਰਮ ਸਿੰਘ ਧਨੋਆ ਕਨਵੀਨਰ, ਅਵਿਨਾਸ਼ ਸ਼ਰਮਾ ਕਨਵੀਨਰ, ਸੁਖਵਿੰਦਰ ਸਿੰਘ ਕਨਵੀਨਰ, ਬਲਵੀਰ ਸਿੰਘ ਸੈਣੀ, ਗੁਰਦੀਪ ਸਿੰਘ ਵਾਲੀਆ, ਗੁਰਮੀਤ ਸਿੰਘ, ਰਾਕੇਸ਼ ਕੁਮਾਰ ਸ਼ਰਮਾ, ਦੇਵ ਰਾਜ ਅਤੇ ਨਾਹਰ ਸਿੰਘ ਆਦਿ ਸ਼ਾਮਿਲ ਹੋਏ। ਸ੍ਰੀ ਅਲੋਕ ਸ਼ੇਖਰ ਆਈ ਏ ਐਸ ਇਸ ਕਮੇਟੀ ਦੇ ਮੁਖੀ ਹੋਣਗੇ ਅਤੇ ਅਰਵਿੰਦ ਕੁਮਾਰ ਆਈ ਏ ਐਸ, ਐਮ ਕੇ ਸ਼ੌਕਤ ਅਹਿਮਦ ਪਰੇ ਸਪੈਸ਼ਲ ਸਕੱਤਰ, ਰਾਕੇਸ਼ ਕੁਮਾਰ ਆਈ ਏ ਐਸ, ਅਮਨਦੀਪ ਮਹਿਤਾ ਲਾ ਆਫ਼ੀਸਰ ਮੈਂਬਰ ਬਣਾਏ ਗਏ। ਇਸ ਕਮੇਟੀ ਦੀ ਮੀਟਿੰਗ ਕੱਲ੍ਹ ਮਿਤੀ 25 ਅਗਸਤ 2026 ਨੂੰ ਮਿਨੀ ਸਕੱਤਰੇਤ ਚੰਡੀਗੜ੍ਹ ਵਿਖੇ 11:00ਵਜੇ ਨਿਸ਼ਿਚਤ ਕੀਤੀ ਗਈ ਹੈ।

ਇੰਗਲੈਂਡ ਦੀ ਧਰਤੀ ਬਾਬੇ ਕੇ ਫਾਰਮ ਵੱਲੋਂ ਧੰਨ-ਧੰਨ ਬਾਬਾ ਨੰਦ ਸਿੰਘ ਜੀ ਕਲੇਰਾਂ ਵਾਲਿਆਂ ਦੀ 83ਵੀਂ ਸਲਾਨਾ ਸਮਾਗਮ 9 ਦਿਨਾਂ

# 22 ਤੋਂ 30 ਅਗਸਤ ਵਿਖੇ ਅੱਜ ਤੀਸਰੇ ਦਿਨ ਪਾਠਾਂ ਦੀ ਲੜੀ ਦੇ ਭੋਗ ਪਾਏ




**ਫ਼ਿਰੋਜ਼ਪੁਰ, 24 ਅਗਸਤ (ਮਨੋਹਰ ਲਾਲ) :—** ਇੰਗਲੈਂਡ ਦੀ ਧਰਤੀ ਬਾਬੇ ਕੇ ਫਾਰਮ ਜੋ ਕਿ 35 ਏਕੜ ਵਿਚ ਹੈ ਅਤੇ ਇਥੇ ਸੰਤ ਬਾਬਾ ਨਾਹਰ ਸਿੰਘ ਜੀ ਨੇ ਇਸ ਜੰਗਲ ਵਿਚ ਮੰਗਲ ਕੀਤਾ ਅਤੇ ਅੱਜ ਹਰ ਸਾਲ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਮਨਾਈ ਜਾਂਦੀ ਹੈ, ਇਸ ਵਾਰ 83ਵੀਂ ਬਰਸੀ ਸਮਾਗਮ ਜੋ ਚੱਲ ਰਿਹਾ ਹੈ, ਇਥੇ ਦੇਸ਼—ਵਿਦੇਸ਼ ਤੋਂ ਸੰਗਤਾਂ ਹਰ ਸਾਲ ਆਉਂਦੀਆਂ ਹਨ, ਇਹ ਬਰਸੀ ਸਮਾਗਮ ਬਾਬੇ ਕੇ ਫਾਰਮ ਸਟ੍ਰੈਟਫੋਰਡ ਅਪਾਨ ਐਵਨ ਵਾਰਵਿਨਸ਼ਾਇਰ ਸੀ.ਵੀ 37 ਡੀ.ਪੀ.ਕਿਊ ਵਿਖੇ ਮਨਾਈ ਜਾ ਰਹੀ ਹੈ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼ ਪਹੁੰਚੇ ਸਨ, ਜਿਨ੍ਹਾਂ ਵਿਚ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਦਲ ਪੰਥ ਬਾਬਾ ਬੁੱਢਾ ਦਲ, ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲੇ, ਸੰਤ ਜਗਜੀਤ ਸਿੰਘ ਲੈਪੋ, ਬਾਬਾ ਹਰਜੀਤ ਸਿੰਘ ਮਹਿਤਾ ਚੌਂਕ, ਬਾਬਾ ਸਰਬਜੀਤ ਸਿੰਘ ਸੰਧੂਆਂ ਵਾਲੇ, ਭਾਈ ਬਲਵਿੰਦਰ ਸਿੰਘ ਰੰਗੀਲਾ, ਭਾਈ ਸਰਬਜੀਤ ਸਿੰਘ ਲਾਡੀ, ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਭਾਈ ਮਨਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਅਮਰਜੀਤ ਸਿੰਘ ਨਾਨਕਸਰ ਠਾਠ ਈਸ਼ਰ ਦਰਬਾਰ ਅਤੇ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਸਮੇਤ ਅਨੇਕਾਂ ਧਾਰਮਿਕ ਸਖਸ਼ੀਅਤਾਂ ਅਤੇ ਕੀਰਤਨੀ ਜਥੇ ਸ਼ਮੂਲੀਅਤ ਕਰਨਗੇ। ਇਹ ਜਾਣਕਾਰੀ ਬਾਬੇ ਕੇ ਫਾਰਮ ਦੇ ਪ੍ਰਬੰਧਕ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਨਗਿੰਦਰ ਸਿੰਘ ਧੰਜਲ, ਧਰਮ ਸਿੰਘ ਘਟੋੜਾ, ਗੁਰਮੀਤ ਸਿੰਘ ਜੰਡ ਅਤੇ ਜਥੇਦਾਰ ਜਸਵੰਤ ਸਿੰਘ ਸੈਭੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਅੱਜ ਪਹਿਲੀ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਹਨ ਅਤੇ ਦੂਸਰੀ ਲੜੀ ਆਰੰਭ ਹੋ ਗਈ ਹੈ, ਜਿਸ ਦੇ ਭੋਗ 26 ਅਗਸਤ ਨੂੰ ਪਾਏ ਜਾਣਗੇ। ਉਪਰੋਕਤ ਆਗੂਆਂ ਨੇ ਦੱਸਿਆ ਕਿ ਇਸ ਮੌਕੇ ਤੇ ਹਰ ਰੋਜ ਦਿਨ ਵਿਚ ਤਿੰਨ ਵਾਰ ਬਰਮਿਘਮ ਤੋਂ ਬੱਸਾਂ ਬਾਬੇ ਕੇ ਫਾਰਮ ਲਈ ਸੰਗਤਾਂ ਨੂੰ ਆਉਣ ਅਤੇ ਲਿਜਾਣ ਲਈ ਲਾਈਆਂ ਗਈਆਂ ਹਨ। ਇਸ ਮੌਕੇ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਜਸਵੰਤ ਸਿੰਘ ਸੈਣੀ, ਸਵਰਨ ਸਿੰਘ ਸੈਭੀ, ਧਰਮ ਸਿੰਘ ਘਟੋੜਾ, ਬਲਕਾਰ ਸਿੰਘ ਵੜੈਚ, ਅਮਰੀਕ ਸਿੰਘ ਮੀਕਾ, ਗੁਰਪ੍ਰੀਤ ਸਿੰਘ ਗੋਪੀ, ਨਗਿੰਦਰ ਸਿੰਘ ਧੰਜਲ, ਰਘਬੀਰ ਸਿੰਘ, ਸੁਖਵਿੰਦਰ ਸਿੰਘ ਸੁੱਖੀ, ਬਲਦੇਵ ਸਿੰਘ ਮਲਸੀਆ, ਅਵਤਾਰ ਸਿੰਘ ਚੰਡੀ, ਜਗਤਾਰ ਸਿੰਘ ਘਟੋੜਾ, ਗਿਆਨੀ ਮਹਿੰਦਰ ਸਿੰਘ ਹਮਦਰਦ, ਵਿਸ਼ਵਜੀਤ ਸਿੰਘ ਸੱਗੂ, ਸਤ ਪ੍ਰਕਾਸ਼, ਹਰਜਿੰਦਰ ਸਿੰਘ ਸੈਭੀ ਅਤੇ ਰਾਜਾ ਨੇ ਸੰਗਤਾਂ ਦੀ ਅਤੇ ਮਹਾਂਪੁਰਖਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਲੰਗਰ ਦੀ ਸੇਵਾ ਬੀਬੀ ਨਗਿੰਦਰ ਕੌਰ, ਬੀਬੀ ਨਿਰੰਜਨ ਕੌਰ, ਬੀਬੀ ਜਸਬੀਰ ਕੌਰ, ਬੀਬੀ ਨਰੰਜਨ ਕੌਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਬੀਬੀਆਂ ਹਰ ਰੋਜ ਸੇਵਾ ਕਰ ਰਹੀਆਂ ਹਨ ਅਤੇ ਕਾਫੀ ਸਾਰੇ ਸਟਾਲ ਲੱਗੇ ਹੋਏ ਹਨ, ਜਿਨ੍ਹਾਂ ਵਿਚ ਗੁਰੂ ਕਾ ਲੰਗਰ, ਚਾਹ ਕੌਫੀ ਦੇ ਲੰਗਰ, ਪੀਜਾ, ਬਰਗਰ, ਨਿਊਡਲ, ਟਿੱਕੀ, ਸਮੌਸੇ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਲੰਗਰ ਹਰ ਰੋਜ ਸੰਗਤਾਂ ਵਿਚ ਵਰਤਾਇਆ ਜਾਂਦਾ ਹੈ। ਉਪਰੋਕਤ ਆਗੂਆਂ ਨੇ ਇੰਗਲੈਂਡ ਨਿਵਾਸੀਆਂ ਅਤੇ ਦੇਸ਼—ਵਿਦੇਸ਼ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲਾ ਬਣਾਉ।

ਦਸਮੇਸ਼ ਨਗਰ ਵਿਖੇ ਖੇਡ ਮੈਦਾਨ ਦਾ ਸ੍ਰ ਈ.ਟੀ.ਓ ਨੇ ਕੀਤਾ ਉਦਘਾਟਨ 38.95 ਲੱਖ ਰੁਪਏ ਦੀ ਲਾਗਤ ਨਾਲ

# ਤਿਆਰ ਹੋਇਆ ਆਧੁਨਿਕ ਖੇਡ ਮੈਦਾਨ: ਹਰਭਜਨ ਸਿੰਘ ਈ.ਟੀ.ਓ.

**ਜੰਡਿਆਲਾ ਗੁਰੂ, 24 ਅਗਸਤ ( ਕੁਲਵੰਤ ਸਿੰਘ ਵਿਰਦੀ )** - ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਉਨ੍ਹਾਂ ਦੀ ਊਰਜਾ ਨੂੰ ਉਸਾਰੂ ਦਿਸ਼ਾ ਵਿੱਚ ਲਗਾਉਣ ਅਤੇ ਪਿੰਡਾਂ ਵਿੱਚ ਖੇਡ ਸਹੂਲਤਾਂ ਦਾ ਮਿਆਰ ਉੱਚਾ ਚੁੱਕਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਦਸਮੇਸ਼ ਨਗਰ ਵਿਖੇ ਆਧੁਨਿਕ ਖੇਡ ਮੈਦਾਨ ਦਾ ਉਦਘਾਟਨ ਕੈਬਨਿਟ ਮੰਤਰੀ ਪੰਜਾਬ ਸ.ਹਰਭਜਨ ਸਿੰਘ ਈ.ਟੀ.ਓ. ਵੱਲੋਂ ਕੀਤਾ ਗਿਆ ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਖੇਡ ਮੈਦਾਨ ਪੰਜਾਬ ਸਰਕਾਰ ਵੱਲੋਂ 38.95 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਗਿਆ। ਇਸ ਪ੍ਰੋਜੈਕਟ ਤਹਿਤ ਪਿੰਡ ਦੇ ਨੌਜਵਾਨਾਂ ਅਤੇ ਖਿਡਾਰੀਆਂ ਨੂੰ ਆਧੁਨਿਕ ਤੇ ਬਿਹਤਰ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਲਈ ਵੱਖ-ਵੱਖ ਸਹੂਲਤਾਂ ਦਾ ਪ੍ਰਬੰਧ ਕੀਤਾ ਗਿਆ ਹੈ। ਖੇਡ ਮੈਦਾਨ ਵਿੱਚ ਚੇਨ ਲਿੰਕ, ਸਮਰਸੀਬਲ ਬੋਰ, ਵਾਲੀਬਾਲ ਕੋਰਟ, ਗੇਟ, ਆਰ.ਸੀ.ਸੀ. ਬੈਂਚ, ਪੇਵਰ ਵਰਕ, ਬੋਲਾਰਡ ਲਾਈਟਾਂ, ਹਾਈ ਮਾਸਟ ਲਾਈਟਾਂ, ਸਪੋਰਟਸ ਕਿੱਟਾਂ ਅਤੇ ਹਾਈ ਕੁਆਲਿਟੀ ਬਲਾਕ ਆਦਿ ਸਹੂਲਤਾਂ ਉਪਲਬਧ ਕਰਵਾਈਆਂ ਗਈਆਂ ਹਨ ।ਇਸ ਮੌਕੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਪਿੰਡ ਪੱਧਰ 'ਤੇ ਨੌਜਵਾਨਾਂ ਨੂੰ ਬਿਹਤਰ ਖੇਡ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣਾ ਹੈ, ਤਾਂ ਜੋ ਉਹ ਖੇਡਾਂ ਵਿੱਚ ਆਪਣੀ ਪ੍ਰਤਿਭਾ ਨੂੰ ਨਿਖਾਰ ਸਕਣ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਵੀ ਸਹਾਇਕ ਹੁੰਦੀਆਂ ਹਨ ।ਉਨ੍ਹਾਂ ਕਿਹਾ ਕਿ ਪਿੰਡ ਦਸਮੇਸ਼ ਨਗਰ ਵਿੱਚ ਬਣਿਆ ਇਹ ਖੇਡ ਮੈਦਾਨ ਇਲਾਕੇ ਦੇ ਨੌਜਵਾਨਾਂ ਲਈ ਇੱਕ ਵਧੀਆ ਪਲੇਟਫਾਰਮ ਸਾਬਤ ਹੋਵੇਗਾ। ਇਸ ਨਾਲ ਪਿੰਡ ਦੇ ਖਿਡਾਰੀਆਂ ਨੂੰ ਆਪਣੀ ਖੇਡ ਪ੍ਰਤਿਭਾ ਨਿਖਾਰਨ ਅਤੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਬਿਹਤਰ ਮਾਹੌਲ ਮਿਲੇਗਾ ।ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ 3100 ਪੇਂਡੂ ਖੇਡ ਮੈਦਾਨ ਵਿਕਸਿਤ ਕਰਨ ਦਾ ਟੀਚਾ ਰੱਖਿਆ ਗਿਆ ਹੈ ਅਤੇ ਪਹਿਲੇ ਪੜਾਅ ਵਿੱਚ 255 ਖੇਡ ਮੈਦਾਨਾਂ ਦਾ ਉਦਘਾਟਨ ਕੀਤਾ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਖੇਡ ਮੈਦਾਨਾਂ ਦੇ ਨਿਰਮਾਣ ਲਈ ਪੰਜਾਬ ਸਰਕਾਰ ਵੱਲੋਂ ਲਗਭਗ 1,500 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ, ਜਿਸ ਵਿੱਚ ਸਿਵਲ ਇਨਫਰਾਸਟਰਕਚਰ, ਗਰਾਊਂਡਾਂ ਦੇ ਵਿਕਾਸ ਅਤੇ ਖੇਡ ਉਪਕਰਣ ਸ਼ਾਮਲ ਹਨ ਉਨ੍ਹਾਂ ਕਿਹਾ ਕਿ ਇਨ੍ਹਾਂ ਪੇਂਡੂ ਖੇਡ ਮੈਦਾਨਾਂ ਵਿੱਚ ਫੁੱਟਬਾਲ ਅਤੇ ਵਾਲੀਬਾਲ ਪੋਲ/ਗੋਲਪੋਸਟ, ਖੇਡ ਸਮੱਗਰੀ ਅਤੇ ਬੱਚਿਆਂ ਲਈ ਝੂਲੇ, ਲੋਹੇ ਦੀਆਂ ਸਲਾਈਡਾਂ ਅਤੇ ਸੀ-ਸਾ ਵਰਗੀਆਂ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ 3,000 ਪੇਂਡੂ ਖੇਡ ਮੈਦਾਨਾਂ ਲਈ ਫੁੱਟਬਾਲ ਸ਼ੂਟਿੰਗ ਮੈਟ ਮੁਹੱਈਆ ਕਰਵਾਏ ਜਾ ਰਹੇ ਹਨ, ਜਿਸ ਤਹਿਤ ਹਰੇਕ ਖੇਡ ਮੈਦਾਨ ਲਈ 36 ਜੋੜੇ ਫੁੱਟਬਾਲ ਸ਼ੂਟਿੰਗ ਮੈਟ ਦਿੱਤੇ ਜਾਣਗੇ। ਇਸ ਦੇ ਨਾਲ ਹੀ ਨੌਜਵਾਨਾਂ ਨੂੰ ਕ੍ਰਿਕਟ ਕਿੱਟਾਂ ਵੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ।ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਸਿਰਫ਼ ਖੇਡ ਮੈਦਾਨ ਬਣਾਉਣਾ ਨਹੀਂ, ਸਗੋਂ ਹਰ ਪਿੰਡ ਦੇ ਨੌਜਵਾਨ ਨੂੰ ਮਿਆਰੀ ਖੇਡ ਸਹੂਲਤਾਂ, ਖੇਡ ਸਮੱਗਰੀ ਅਤੇ ਆਪਣੀ ਪ੍ਰਤਿਭਾ ਨਿਖਾਰਨ ਲਈ ਲੋੜੀਂਦੇ ਮੌਕੇ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਖੇਡ ਸਹੂਲਤਾਂ ਦੇ ਵਿਸਥਾਰ ਅਤੇ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜ ਲਗਾਤਾਰ ਜਾਰੀ ਰਹਿਣਗੇ। ਇਸ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਨੌਜਵਾਨਾਂ ਨੂੰ ਖੇਡ ਕਿੱਟਾਂ ਦੀ ਵੰਡ ਵੀ ਕੀਤੀ ਗਈ।



# ਲੰਬਿਤ ਜਨਹਿੱਤ ਪ੍ਰਤੀਨਿਧਤਾ ਉੱਤੇ ਕਾਰਵਾਈ ਨਾ ਹੋਣ ਅਤੇ ਕੋਈ ਸਪਸ਼ਟ ਜਵਾਬ ਨਾ ਮਿਲਣ ਸਬੰਧੀ ਮਾਣਯੋਗ ਰਾਸ਼ਟਰਪਤੀ ਦੇ ਸੰਵਿਧਾਨਕ ਧਿਆਨ ਲਈ ਨਿਮਰ ਪਰ ਦ੍ਰਿੜ੍ਹ ਪ੍ਰਤੀਨਿਧਤਾ



ਫ਼ਿਰੋਜ਼ਪੁਰ, 24 ਅਗਸਤ (ਮਨੋਹਰ ਲਾਲ) :— ਸਤਿਕਾਰ ਸਹਿਤ ਇਹ ਪ੍ਰਤੀਨਿਧਤਾ ਤੁਹਾਡੇ ਮਾਣਯੋਗ ਸੰਵਿਧਾਨਕ ਪਦ ਦੀ ਮਰਯਾਦਾ, ਭਾਰਤ ਦੇ ਸੰਵਿਧਾਨ ਅਤੇ ਲੋਕਤੰਤਰਿਕ ਪ੍ਰਸ਼ਾਸਨ ਵਿੱਚ ਪੂਰੇ ਵਿਸ਼ਵਾਸ ਨਾਲ ਪੇਸ਼ ਕੀਤੀ ਜਾ ਰਹੀ ਹੈ। ਇਸ ਸਬੰਧ ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਜਨਹਿੱਤ ਨਾਲ ਸੰਬੰਧਿਤ ਮੇਰੀਆਂ ਪ੍ਰਤੀਨਿਧਤਾਵਾਂ ਅਤੇ ਅਰਜ਼ੀਆਂ ਸੰਬੰਧਿਤ ਪ੍ਰਸ਼ਾਸਕੀ ਪੱਧਰਾਂ ਉੱਤੇ ਪੇਸ਼ ਕੀਤੀਆਂ ਗਈਆਂ ਹਨ, ਪ੍ਰੰਤੂ ਅਫ਼ਸੋਸ ਨਾਲ ਇਹ ਕਹਿਣਾ ਪੈ ਰਿਹਾ ਹੈ ਕਿ ਲੰਬੇ ਸਮੇਂ ਤੋਂ ਮਾਮਲੇ ਉੱਤੇ ਕੋਈ ਸਪੱਸ਼ਟ ਅਤੇ ਪ੍ਰਭਾਵਸ਼ਾਲੀ ਕਾਰਵਾਈ ਨਜ਼ਰ ਨਹੀਂ ਆ ਰਹੀ ਅਤੇ ਨਾ ਹੀ ਅਰਜ਼ੀ ਦੀ ਮੌਜੂਦਾ ਸਥਿਤੀ ਬਾਰੇ ਕੋਈ ਸੰਤੋਸ਼ਜਨਕ ਜਵਾਬ ਪ੍ਰਾਪਤ ਹੋਇਆ ਹੈ। ਇਸ ਸਥਿਤੀ ਵਿੱਚ ਇੱਕ ਆਮ ਨਾਗਰਿਕ ਲਈ ਇਹ ਜਾਣਨਾ ਵੀ ਮੁਸ਼ਕਲ ਹੋ ਜਾਂਦਾ ਹੈ ਕਿ ਉਸ ਦੀ ਅਰਜ਼ੀ ਕਿਸ ਪੱਧਰ 'ਤੇ ਲੰਬਿਤ ਹੈ, ਕਿਸ ਅਧਿਕਾਰੀ ਕੋਲ ਹੈ, ਦੇਰੀ ਦਾ ਕਾਰਨ ਕੀ ਹੈ ਅਤੇ ਅਗਲੀ ਕਾਰਵਾਈ ਕਦੋਂ ਹੋਵੇਗੀ।ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਮੇਰਾ ਉਦੇਸ਼ ਕਿਸੇ ਅਧਿਕਾਰੀ, ਵਿਭਾਗ ਜਾਂ ਸਰਕਾਰ ਉੱਤੇ ਬਿਨਾਂ ਜਾਂਚ ਦੋਸ਼ ਲਗਾਉਣਾ ਨਹੀਂ ਹੈ, ਮੇਰੀ ਨਿਮਰ ਬੇਨਤੀ ਸਿਰਫ਼ ਇਹ ਹੈ ਕਿ ਨਾਗਰਿਕ ਦੀ ਅਰਜ਼ੀ ਨੂੰ ਪ੍ਰਾਪਤ ਕਰਕੇ ਚੁੱਪਚਾਪ ਲੰਬਿਤ ਨਾ ਛੱਡਿਆ ਜਾਵੇ, ਸਗੋਂ ਉਸ ਦੀ ਸਥਿਤੀ, ਕਾਰਵਾਈ ਅਤੇ ਨਤੀਜੇ ਬਾਰੇ ਜਵਾਬਦੇਹ ਅਤੇ ਪਾਰਦਰਸ਼ੀ ਪ੍ਰਕਿਰਿਆ ਯਕੀਨੀ ਬਣਾਈ ਜਾਵੇ। ਤੁਹਾਡੇ ਸਾਹਮਣੇ ਪੇਸ਼ ਕੀਤੇ ਸੰਕਲਨ ਵਿੱਚ ਵੀ ਇਹ ਮੰਗ ਕੀਤੀ ਗਈ ਹੈ ਕਿ ਲੰਬਿਤ ਅਰਜ਼ੀਆਂ ਦੀ ਸੂਚੀ ਅਤੇ ਸਥਿਤੀ ਦੀ ਜਾਂਚ ਕੀਤੀ ਜਾਵੇ ਅਤੇ ਜਿੱਥੇ ਅਰਜ਼ੀ ਨਿਯਮਾਂ ਅਨੁਸਾਰ ਹੋਵੇ, ਉੱਥੇ ਕੇਵਲ ਪ੍ਰਸ਼ਾਸਕੀ ਦੇਰੀ ਕਾਰਨ ਅਰਜ਼ੀਦਾਰ ਨੂੰ ਨੁਕਸਾਨ ਨਾ ਹੋਵੇ। ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਨਿਮਰ ਪ੍ਰਾਰਥਨਾ ਹੈ ਕਿ ਮੇਰੀਆਂ ਸੰਬੰਧਿਤ ਪ੍ਰਤੀਨਿਧਤਾਵਾਂ/ਅਰਜ਼ੀਆਂ ਦੀ ਮੌਜੂਦਾ ਸਥਿਤੀ ਦੀ ਜਾਂਚ ਕਰਵਾਈ ਜਾਵੇ, ਸੰਬੰਧਿਤ ਅਧਿਕਾਰੀਆਂ ਤੋਂ ਰਿਕਾਰਡ—ਆਧਾਰਿਤ ਸਥਿਤੀ—ਰਿਪੋਰਟ ਮੰਗੀ ਜਾਵੇ, ਇਹ ਸਪਸ਼ਟ ਕੀਤਾ ਜਾਵੇ ਕਿ ਮਾਮਲਾ ਕਿਸ ਪੱਧਰ 'ਤੇ ਲੰਬਿਤ ਹੈ ਅਤੇ ਦੇਰੀ ਦਾ ਕਾਰਨ ਕੀ ਹੈ, ਜੇ ਅਰਜ਼ੀ ਵਿੱਚ ਕੋਈ ਕਮੀ ਹੈ ਤਾਂ ਉਸ ਬਾਰੇ ਅਰਜ਼ੀਦਾਰ ਨੂੰ ਲਿਖਤੀ ਰੂਪ ਵਿਚ ਦੱਸਿਆ ਜਾਵੇ।

# ਅੱਤ ਦੀ ਮਹਿੰਗਾਈ ਕਾਰਨ ਆਮ ਲੋਕਾਂ ਲਈ ਆਪਣੇ ਘਰ ਚਲਾਉਣੇ ਕੀਤੇ ਅੱਖੇ : ਕਮਲਜੀਤ ਸਿੰਘ ਚੱਕ



**ਧੂਰੀ ( ਰਣਜੀਤ ਸਿੰਘ ਪੇਧਨੀ )**-ਕੇਂਦਰ ਸਰਕਾਰ ਦੀਆਂ ਗਲਤ ਨੀਤੀਆਂ ਅਤੇ ਗੰਨੇ ਨੂੰ ਈਥਾਨੋਲ ਉਤਪਾਦਨ ਵੱਲ ਵੱਧ ਮੋੜਨ ਕਾਰਨ ਖੰਡ ਦੀ ਉਪਲਬਧਤਾ ਪ੍ਰਭਾਵਿਤ ਹੋਈ ਹੈ, ਜਿਸ ਦਾ ਸਿੱਧਾ ਬੋਝ ਦੇਸ਼ ਦੇ ਆਮ ਲੋਕਾਂ ਦੀ ਜੇਬ 'ਤੇ ਪੈ ਰਿਹਾ ਹੈ। ਮਹਿਜ਼ 18 ਦਿਨਾਂ ਦੇ ਅੰਦਰ ਖੰਡ ਦੀ ਕੀਮਤ 45 ਰੁਪਏ ਤੋਂ 70 ਰੁਪਏ ਪ੍ਰਤੀ ਕਿਲੋ ਤੋਂ ਵੱਧ ਪਹੁੰਚ ਗਈ ਹੈ ਜੋ ਕਿ ਚਿੰਤਾਜਨਕ ਹੈ। ਇਸ ਤੋਂ ਇਲਾਵਾ ਪਿਛਲੇ ਇੱਕ ਮਹੀਨੇ ਵਿੱਚ ਪਿਆਜ ਦੀਆਂ ਕੀਮਤਾਂ 30 ਰੁਪਏ ਤੋਂ ਵੱਧ ਕੇ 60 ਰੁਪਏ ਕਿਲੋ ਹੋ ਗਈਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਦੇ ਸੀਨੀਅਰ ਆਗੂ, ਉੱਘੇ ਸਮਾਜ ਸੇਵੀ ਕਮਲਜੀਤ ਸਿੰਘ ਚੱਕ ਪਰਮੁੱਖ ਦਾਅਵੇਦਾਰ ਹਲਕਾ ਮਹਿਲ ਕਲਾਂ ਨੇ ਕੀਤਾ। ਉਨਾਂ ਕਿਹਾ ਕਿ ਜ਼ਰੂਰੀ ਖੁਰਾਕੀ ਵਸਤੂਆਂ ਦੀਆਂ ਕੀਮਤਾਂ ਵਿੱਚ ਇੰਨਾ ਤੇਜ਼ ਵਾਧਾ ਕੇਂਦਰ ਸਰਕਾਰ ਦੀਆਂ ਨੀਤੀਆਂ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਕੇਂਦਰ ਸਰਕਾਰ ਵੱਲੋਂ ਪੈਟਰੋਲ ਵਿੱਚ ਈਥਾਨੌਲ ਦੀ ਮਿਲਾਵਟ ਨੂੰ ਵਿਦੇਸ਼ੀ ਮੁਦਰਾ ਦੀ ਬੱਚਤ ਅਤੇ ਕੱਚੇ ਤੇਲ ਦੀ ਦਰਾਮਦ 'ਤੇ ਨਿਰਭਰਤਾ ਘਟਾਉਣ ਦੇ ਉਦੇਸ਼ ਨਾਲ ਲਾਗੂ ਕੀਤਾ ਗਿਆ ਈ। ਪਰ ਇਹ ਕੀਤੀ ਤੇ ਪਗਟਾਂ ਦਾ ਬੰਤਸਿਤ ਮੁਲਾਂਕਣ ਕਰਨਾ ਵੀ ਸਰਕਾਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਗੰਨੇ ਦੀ ਵੱਡੀ ਮਾਤਰਾ ਈਥਾਨੌਲ ਉਤਪਾਦਨ ਵੱਲ ਮੋੜੀ ਜਾਂਦੀ ਹੈ ਤਾਂ ਚੀਨੀ ਉਤਪਾਦਨ ਅਤੇ ਬਾਜ਼ਾਰ ਵਿੱਚ ਇਸ ਦੀ ਉਪਲਬਧਤਾ 'ਤੇ ਦਬਾਅ ਪੈਣਾ ਸੁਭਾਵਿਕ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਈਥਾਨੋਲ ਨੀਤੀ ਅਤੇ ਆਮ ਖਪਤਕਾਰਾਂ ਲਈ ਜ਼ਰੂਰੀ ਖੁਰਾਕੀ ਵਸਤੂਆਂ ਦੀ ਉਪਲਬਧਤਾ ਵਿਚਕਾਰ ਸੰਤੁਲਨ ਬਣਾਉਣਾ ਚਾਹੀਦਾ ਹੈ ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਨੇ ਦੇਸ਼ ਵਾਸੀਆਂ ਨੂੰ ਅੱਛੇ ਦਿਨਾਂ ਦਾ ਸੁਪਨਾ ਦਿਖਾ ਕੇ ਬੁਰੇ ਦਿਨਾਂ ਵਿੱਚ ਧੱਕਿਆ ਹੈ ਅਤੇ ਦੇਸ਼ ਇਸ ਸਮੇਂ ਬਹੁਤ ਮਾੜੇ ਸਮੇਂ ਵਿੱਚੋਂ ਲੰਘ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਤ ਦੀ ਮਹਿੰਗਾਈ ਕਾਰਨ ਆਮ ਲੋਕਾਂ ਲਈ ਆਪਣੇ ਘਰ ਚਲਾਉਣੇ ਅੱਖੇ ਹੋ ਗਏ ਹਨ। ਉਨ੍ਹਾਂ ਕਿਹਾ ਕਿ ਮਹਿੰਗਾਈ ਦਾ ਸਿੱਧਾ ਅਸਰ ਮੱਧ ਵਰਗ ਅਤੇ ਗਰੀਬ ਪਰਿਵਾਰਾਂ ਦੇ ਘਰੇਲੂ ਬਜਟ 'ਤੇ ਪੈਂਦਾ ਹੈ ਅਤੇ ਕੇਂਦਰ ਸਰਕਾਰ ਨੂੰ ਲੋਕਾਂ ਦੀਆਂ ਮੁਸ਼ਕਲਾਂ ਨੂੰ ਧਿਆਨ ਵਿੱਚ ਰੱਖਦਿਆਂ ਤੁਰੰਤ ਪ੍ਰਭਾਵਸ਼ਾਲੀ ਫੈਸਲੇ ਲੈਣੇ ਚਾਹੀਦੇ ਹਨ ਅਤੇ ਮਹਿੰਗਾਈ ਉੱਪਰ ਕਾਬੂ ਪਾਉਣਾ ਚਾਹੀਦਾ ਹੈ।





# ਜਨਮ ਦਿਨ ਮੁਬਾਰਕ

**ਅਵੀਜੋਤ ਸਿੰਘ ਰੰਧਾਵਾ**

ਪਿਤਾ ਸੁਖਵਿੰਦਰ ਸਿੰਘ ਰੰਧਾਵਾ, ਮਾਤਾ ਸਿਮਰਜੀਤ ਕੌਰ, ਪਿੰਡ ਖੱਬੇ ਰਾਜਪੂਤਾਂ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

## ਮਲੇਸ਼ੀਆ ਵਿੱਚ ਹੋਈ ਅੰਤਰਰਾਸ਼ਟਰੀ ਕਾਨਫਰੰਸ ਦੌਰਾਨ

# ਐਨ.ਆਈ.ਟੀ ਜਲੰਧਰ ਦੇ ਖੋਜਾਰਥੀ ਨੇ ਜਿੱਤਿਆ 'ਬੈਸਟ ਪੇਪਰ ਅਵਾਰਡ'




ਜੰਡਿਆਲਾ ਗੁਰੂ 24 ਅਗਸਤ ( ਕੁਲਵੰਤ ਸਿੰਘ ਵਿਰਦੀ ) ਕੁਆਲਾਲੰਪੁਰ, ਮਲੇਸ਼ੀਆ ਦੀ ਯੂਨੀਵਰਸਿਟੀ ਮਲਾਇਆ ਵਿਖੇ ਕੰਕਰੀਟ ਇੰਜੀਨੀਅਰਿੰਗ ਅਤੇ ਟੈਕਨਾਲੋਜੀ 'ਤੇ ਕਰਵਾਈ ਗਈ 17ਵੀਂ ਅੰਤਰਰਾਸ਼ਟਰੀ ਕਾਨਫਰੰਸ 2026) ਵਿੱਚ ਪੇਸ਼ ਕੀਤੇ ਗਏ ਇੱਕ ਖੋਜ ਪੱਤਰ ਨੇ 'ਬੈਸਟ ਪੇਪਰ ਅਵਾਰਡ' (ਸਰਵੋਤਮ ਖੋਜ ਪੱਤਰ ਪੁਰਸਕਾਰ) ਜਿੱਤ ਕੇ ਡਾ. ਬੀ. ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ, ਜਲੰਧਰ ਵਿੱਚ ਚੱਲ ਰਹੇ ਖੋਜ ਕਾਰਜਾਂ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਮਾਨਤਾ ਦਿਵਾਈ ਹੈ।ਇਸ ਅਵਾਰਡ ਜੇਤੂ ਖੋਜ ਪੱਤਰ ਦਾ ਸਿਰਲੇਖ "ਇਨਸਾਈਟਸ ਆਨ ਬੈਲੇਂਸਿੰਗ ਕੰਪੋਜੀਸ਼ਨ ਆਫ ਸੈਲਫ-ਕੰਪੈਕਟਿੰਗ ਜੀਓਪੋਲੀਮਰ ਕੰਕਰੀਟ ਫਾਰ ਓਪਟੀਮਮ ਪਰਫਾਰਮੈਂਸ ਇਨ ਵਰਕੇਬਿਲਟੀ, ਸਟ੍ਰੈਂਥ, ਸਸਟੇਨੇਬਿਲਟੀ ਐਂਡ ਕੋਸਟ" ਸੀ। ਇਸ ਨੂੰ ਐਨ.ਆਈ.ਟੀ ਜਲੰਧਰ ਦੇ ਸਿਵਲ ਇੰਜੀਨੀਅਰਿੰਗ ਵਿਭਾਗ ਦੇ ਪੀ.ਐਚ.ਡੀ ਖੋਜਾਰਥੀ ਤੇਜਿੰਦਰਪਾਲ ਸਿੰਘ ਵੱਲੋਂ ਪੇਸ਼ ਕੀਤਾ ਗਿਆ। ਤੇਜਿੰਦਰਪਾਲ ਸਿੰਘ ਨੇ ਆਪਣੀ ਖੋਜ ਯਾਤਰਾ ਦੌਰਾਨ ਮਿਲੇ ਕੀਮਤੀ ਮਾਰਗਦਰਸ਼ਨ ਅਤੇ ਨਿਰੰਤਰ ਸਹਿਯੋਗ ਲਈ ਆਪਣੇ ਪੀ.ਐਚ.ਡੀ ਗਾਈਡਾਂ ਡਾ. ਕਨਿਸ਼ ਕਪੂਰ ਅਤੇ ਪ੍ਰੋ. ਐਸ. ਪੀ. ਸਿੰਘ (ਸਿਵਲ ਇੰਜੀਨੀਅਰਿੰਗ ਵਿਭਾਗ, ਐਨ.ਆਈ.ਟੀ ਜਲੰਧਰ) ਦਾ ਦਿਲੋਂ ਧੰਨਵਾਦ ਕੀਤਾ।ਇਹ ਖੋਜ ਕੰਕਰੀਟ ਦੀ ਕਾਰਜਕੁਸ਼ਲਤਾ, ਮਜ਼ਬੂਤੀ, ਟਿਕਾਊਪਨ (ਵਾਤਾਵਰਣ ਪੱਖੀ) ਅਤੇ ਲਾਗਤ — ਇਹਨਾਂ ਚਾਰ ਮਹੱਤਵਪੂਰਨ ਪਹਿਲੂਆਂ ਵਿਚਕਾਰ ਸੰਤੁਲਨ ਬਣਾ ਕੇ 'ਸੈਲਫ-ਕੰਪੈਕਟਿੰਗ ਜੀਓਪੋਲੀਮਰ ਕੰਕਰੀਟ' ਦਾ ਇੱਕ ਸਰਵੋਤਮ ਫਾਰਮੂਲਾ ਤਿਆਰ ਕਰਨ 'ਤੇ ਕੇਂਦਰਿਤ ਹੈ। ਇਹ ਖੋਜ ਕਾਰਜ ਰਵਾਇਤੀ ਸੀਮੈਂਟ-ਅਧਾਰਤ ਕੰਕਰੀਟ ਦੇ ਮੁਕਾਬਲੇ ਜੀਓਪੋਲੀਮਰ ਕੰਕਰੀਟ ਨੂੰ ਇੱਕ ਵਧੇਰੇ ਟਿਕਾਊ ਅਤੇ ਵਾਤਾਵਰਣ ਪੱਖੀ ਵਿਕਲਪ ਵਜੋਂ ਪੇਸ਼ ਕਰਦਾ ਹੈ, ਅਤੇ ਨਾਲ ਹੀ ਇਸਦੀ ਕਾਰਗੁਜ਼ਾਰੀ ਅਤੇ ਆਰਥਿਕਤਾ ਨਾਲ ਜੁੜੇ ਵਿਹਾਰਕ ਪਹਿਲੂਆਂ ਨੂੰ ਵੀ ਹੱਲ ਕਰਦਾ ਹੈ।ਇਹ ਪ੍ਰਾਪਤੀ ਇਸ ਲਈ ਵੀ ਬਹੁਤ ਮਹੱਤਵਪੂਰਨ ਹੈ ਕਿਉਂਕਿ 3®©35" 2026 ਕਾਨਫਰੰਸ ਵਿੱਚ ਦੁਨੀਆ ਭਰ ਦੇ 23 ਦੇਸ਼ਾਂ ਦੇ ਲਗਭਗ 280 ਡੈਲੀਗੇਟਾਂ ਨੇ ਹਿੱਸਾ ਲਿਆ ਸੀ। ਇਹਨਾਂ ਭਾਗੀਦਾਰਾਂ ਵਿੱਚ ਵਿਸ਼ਵ ਦੀਆਂ ਕਈ ਨਾਮਵਰ ਯੂਨੀਵਰਸਿਟੀਆਂ ਅਤੇ ਸੰਸਥਾਵਾਂ ਦੇ ਅੰਡਰ-ਗ੍ਰੈਜੂਏਟ ਵਿਦਿਆਰਥੀ, ਪੀ.ਐਚ.ਡੀ ਸਕਾਲਰ ਅਤੇ ਫੈਕਲਟੀ ਮੈਂਬਰ ਸ਼ਾਮਲ ਸਨ। ਇਸ ਤੋਂ ਇਲਾਵਾ, ਇਸ ਕਾਨਫਰੰਸ ਦਾ ਆਯੋਜਨ ਵੱਕਾਰੀ ਯੂਨੀਵਰਸਿਟੀ ਮਲਾਇਆ ਵੱਲੋਂ ਕੀਤਾ ਗਿਆ ਸੀ, ਜੋ ਕਿ QS ਵਰਲਡ ਰੈਂਕਿੰਗ ਵਿੱਚ 56ਵਾਂ ਸਥਾਨ ਰੱਖਦੀ ਹੈ। ਇਸ ਕਾਨਫਰੰਸ ਨੇ ਖੋਜਕਰਤਾਵਾਂ ਅਤੇ ਅਕਾਦਮਿਕ ਮਾਹਿਰਾਂ ਨੂੰ ਕੰਕਰੀਟ ਇੰਜੀਨੀਅਰਿੰਗ ਅਤੇ ਟੈਕਨਾਲੋਜੀ ਦੇ ਖੇਤਰ ਵਿੱਚ ਆਪਣੇ ਆਧੁਨਿਕ ਕਾਰਜਾਂ ਨੂੰ ਪੇਸ਼ ਕਰਨ ਅਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨ ਲਈ ਇੱਕ ਅੰਤਰਰਾਸ਼ਟਰੀ ਮੰਚ ਪ੍ਰਦਾਨ ਕੀਤਾ।ਇਸ ਵੱਡੀ ਪ੍ਰਾਪਤੀ 'ਤੇ ਖੁਸ਼ੀ ਜ਼ਾਹਰ ਕਰਦਿਆਂ ਤੇਜਿੰਦਰਪਾਲ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਅਜਿਹੀ ਕਾਨਫਰੰਸ ਵਿੱਚ 'ਬੈਸਟ ਪੇਪਰ ਅਵਾਰਡ' ਪ੍ਰਾਪਤ ਕਰਨ 'ਤੇ ਮਾਣ ਹੈ, ਜਿਸ ਵਿੱਚ ਚੀਨ, ਭਾਰਤ, ਜਾਪਾਨ, ਆਸਟ੍ਰੇਲੀਆ, ਸਿੰਗਾਪੁਰ, ਹਾਂਗਕਾਂਗ, ਤਾਈਵਾਨ, ਯੂ.ਏ.ਈ, ਮਲੇਸ਼ੀਆ, ਇੰਡੋਨੇਸ਼ੀਆ, ਇਕਵਾਡੋਰ ਅਤੇ ਥਾਈਲੈਂਡ ਸਮੇਤ 23 ਦੇਸ਼ਾਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ।ਉਨ੍ਹਾਂ ਕਿਹਾ ਕਿ ਇਹ ਮਾਨਤਾ ਟਿਕਾਊ ਨਿਰਮਾਣ ਸਮੱਗਰੀ ਅਤੇ ਉੱਨਤ ਕੰਕਰੀਟ ਤਕਨੀਕਾਂ ਦੇ ਖੇਤਰ ਵਿੱਚ ਉਨ੍ਹਾਂ ਦੀ ਚੱਲ ਰਹੀ ਖੋਜ ਲਈ ਇੱਕ ਵੱਡਾ ਉਤਸ਼ਾਹ ਹੈ।ਉਨ੍ਹਾਂ ਅੱਗੇ ਕਿਹਾ ਕਿ ਇਹ ਸਨਮਾਨ ਨਾ ਸਿਰਫ਼ ਨਿੱਜੀ ਪੱਧਰ 'ਤੇ ਮਾਣ ਵਾਲੀ ਗੱਲ ਹੈ, ਸਗੋਂ ਇਹ ਭਾਰਤ ਅਤੇ ਪੰਜਾਬ ਵਿੱਚ ਖੋਜ ਦੇ ਵਧ ਰਹੇ ਪੱਧਰ ਨੂੰ ਵੀ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਭਾਰਤ ਅਤੇ ਪੰਜਾਬ ਦੇ ਖੋਜਕਰਤਾ ਉੱਚ ਪੱਧਰੀ ਖੋਜ ਕਰਨ ਅਤੇ ਅਜਿਹਾ ਮਿਆਰੀ ਕੰਮ ਪੈਦਾ ਕਰਨ ਦੇ ਪੂਰੀ ਤਰ੍ਹਾਂ ਸਮਰੱਥ ਹਨ, ਜੋ ਵਿਸ਼ਵ ਭਰ ਦੀਆਂ ਪ੍ਰਮੁੱਖ ਸੰਸਥਾਵਾਂ ਦੇ ਅਕਾਦਮਿਕ ਮਾਹਿਰਾਂ ਅਤੇ ਖੋਜਕਰਤਾਵਾਂ ਦੁਆਰਾ ਪੇਸ਼ ਕੀਤੀ ਗਈ ਖੋਜ ਦੇ ਬਰਾਬਰ ਖੜ੍ਹ ਸਕਦਾ ਹੈ।ਇਹ ਪ੍ਰਾਪਤੀ ਐਨ.ਆਈ.ਟੀ ਜਲੰਧਰ ਵਿਖੇ ਟਿਕਾਊ ਅਤੇ ਉੱਨਤ ਨਿਰਮਾਣ ਸਮੱਗਰੀ ਦੇ ਖੇਤਰ ਵਿੱਚ ਕੀਤੇ ਜਾ ਰਹੇ ਖੋਜ ਯੋਗਦਾਨ ਨੂੰ ਉਜਾਗਰ ਕਰਦੀ ਹੈ ਅਤੇ ਨਿਰਮਾਣ ਉਦਯੋਗ ਦੇ ਵਾਤਾਵਰਣ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਨੂੰ ਘਟਾਉਣ ਲਈ ਨਵੀਨਤਾਕਾਰੀ ਹੱਲ ਲੱਭਣ ਲਈ ਹੋਰ ਪ੍ਰੇਰਣਾ ਪ੍ਰਦਾਨ ਕਰਦੀ ਹੈ।

## ਟੀ ਆਰ ਟੈਲੀਕਾਮ ਦੀ ਨਵੀਂ ਦੁਕਾਨ ਦੇ ਮਹੂਰਤ ਮੌਕੇ ਪ੍ਰਮਾਤਮਾ ਦਾ ਸ਼ੁਕਰਾਨਾ ਸਮਾਗਮ ਕਰਵਾਇਆ ਗਿਆ



ਜੰਡਿਆਲਾ ਗੁਰੂ 24 ਅਗਸਤ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਦੇ ਵਿੱਚ ਜਦੋਂ ਵੀ ਪੰਜਾਬ ਦੇ ਜਮਪਲ ਮਸਿੰਦਿਆਂ ਵੱਲੋਂ ਕੋਈ ਵੀ ਖੁਸ਼ੀ ਦਾ ਕਾਰਜ ਜਾਂ ਆਪਣੀ ਰੋਜੀ ਰੋਟੀ ਕਮਾਉਣ ਲਈ ਕਾਰੋਬਾਰ ਦੀ ਸ਼ੁਰੂਆਤ ਕੀਤੀ ਜਾਂਦੀ ਹੈ ਤਾਂ ਸਭ ਤੋਂ ਪਹਿਲਾਂ ਪ੍ਰਮਾਤਮਾ ਦਾ ਸੁਕਰਾਨਾ ਕੀਤਾ ਜਾਂਦਾ ਹੈ ਇਸੇ ਤਹਿਤ ਜੰਡਿਆਲਾ ਗੁਰੂ ਵਿਖੇ ਦੁਸਹਿਰਾ ਗਰਾਊਂਡ ਦੇ ਗੇਟ ਸਾਹਮਣੇ ਲੰਮੇ ਸਮੇਂ ਤੋਂ ਟੀ ਆਰ ਟੈਲੀਕਾਮ ਦੀ ਦੁਕਾਨ ਦਲਜੀਤ ਸਿੰਘ ਵਾਸੀ ਤਾਰਾਗੜ੍ਹ ਵੱਲੋਂ ਚਲਾਈ ਜਾ ਰਹੀ ਸੀ ਜੋ ਅੱਜ ਬਦਲ ਕਿ ਪਹਿਲੀ ਦੁਕਾਨ ਤੋਂ ਥੋੜੀ ਦੂਰੀ ਤੇ ਦੁਸਹਿਰਾ ਗਰਾਊਂਡ ਦੇ ਨਜਦੀਕ ਬੱਬੀ ਤਿੰਮੋਵਾਲ ਵਾਲਿਆਂ ਦੀ ਦੁਕਾਨ ਦੇ ਨਜਦੀਕ ਟੀ ਆਰ ਟੈਲੀਕਾਮ ਦੀ ਨਵੀਂ ਦੁਕਾਨ ਦੇ ਮਹੂਰਤ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾ ਕਿ ਪ੍ਰਮਾਤਮਾ ਦਾ ਸ਼ੁਕਰਾਨਾ ਸਮਾਗਮ ਕਰਵਾਇਆ ਗਿਆ! ਅੱਗੇ ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆ ਹੋਇਆ ਟੀ ਆਰ ਟੈਲੀਕਾਮ ਦੇ ਮਾਲਕ ਦਲਜੀਤ ਸਿੰਘ ਨੇ ਦੱਸਿਆ ਕਿ ਪ੍ਰਮਾਤਮਾ ਦੀ ਕਿਰਪਾ ਨਾਲ ਪਹਿਲਾਂ ਲੰਮਾ ਸਮਾਂ ਇਸ ਦੁਕਾਨ ਤੋਂ ਕੁਝ ਦੂਰੀ ਤੇ ਮੌਬਾਇਲਾਂ ਦੀ ਰਿਪੇਅਰ ਕੀਤੀ ਜਾਂਦੀ ਸੀ ਅਤੇ ਨਵੇਂ ਮੌਬਾਇਲ ਵੀ ਸੇਲ ਕੀਤੇ ਜਾਂਦੇ ਸਨ ਅਤੇ ਪ੍ਰਮਾਤਮਾ ਦੀ ਕਿਰਪਾ ਨਾਲ ਅੱਜ ਨਵੀਂ ਜਗ੍ਹਾ ਤੇ ਦੁਕਾਨ ਦੀ ਸੁਰੂਆਤ ਕੀਤੀ ਗਈ ਹੈ ਅਤੇ ਸਭ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ ਪਵਾ ਕਿ ਪ੍ਰਮਾਤਮਾ ਦਾ ਸੁਕਰਾਨਾ ਸਮਾਗਮ ਕਰਵਾਇਆ ਗਿਆ! ਇਸ ਮੌਕੇ ਕੇ ਡੀ ਕਲੈਕਸ਼ਨ ਟਾਂਗਰਾ ਦੇ ਮਾਲਕ ਗੁਰਵਿੰਦਰ ਸਿੰਘ ਸਨੀ, ਰਣਜੀਤ ਸਿੰਘ ਰਾਣਾ ,ਸਾਕ ਸਬੰਧੀ ਅਤੇ ਪ੍ਰੀਵਾਰਕ ਮੈਂਬਰ ਹਾਜ਼ਰ ਸਨ !

## ਚੰਡੀਗੜ੍ਹ ਧਰਨੇ ਲਈ ਕਿਸਾਨ ਵੱਧ ਤੋਂ ਵੱਧ ਟਰੈਕਟਰ-ਟਰਾਲੀਆਂ ਸਮੇਤ ਪਹੁੰਚਣ: ਬੀਕੇਯੂ ਸਿੱਧੂਪੁਰ

**ਖਰੜ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਜ਼ਿਲ੍ਹਾ ਮੋਹਾਲੀ ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਰਵਿੰਦਰ ਸਿੰਘ ਦੇਹਕਲਾਂ ਦੀ ਪ੍ਰਧਾਨਗੀ ਹੇਠ ਕਮਿਊਨਿਟੀ ਸੈਂਟਰ ਦੇਹਕਲਾਂ ਵਿਖੇ ਹੋਈ। ਇਸ ਮੌਕੇ ਯੂਨੀਅਨ ਦੇ ਸੂਬਾ ਪ੍ਰਧਾਨ ਦਲਵੀਰ ਸਿੰਘ ਸਿੱਧੂਪੁਰ ਅਤੇ ਹੋਰ ਕਿਸਾਨ ਆਗੂਆਂ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਆਗੂਆਂ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ ਕਿਸਾਨੀ ਮੰਗਾਂ ਨੂੰ ਲੈ ਕੇ 1 ਸਤੰਬਰ ਤੋਂ ਚੰਡੀਗੜ੍ਹ ਵਿਖੇ ਲਗਾਏ ਜਾ ਰਹੇ ਧਰਨੇ ਨੂੰ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਵੱਲੋਂ ਪੂਰਨ ਸਮਰਥਨ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਭਰ ਤੋਂ ਵੱਡੀ ਗਿਣਤੀ ਵਿੱਚ ਕਿਸਾਨ ਟਰੈਕਟਰ-ਟਰਾਲੀਆਂ ਅਤੇ ਹੋਰ ਵਾਹਨਾਂ ਰਾਹੀਂ ਚੰਡੀਗੜ੍ਹ ਧਰਨੇ ਵਿੱਚ ਪਹੁੰਚਣਗੇ। ਮੋਹਾਲੀ ਜ਼ਿਲ੍ਹੇ ਦੇ ਖਰੜ ਅਤੇ ਡੇਰਾਬੱਸੀ ਬਲਾਕਾਂ ਤੋਂ ਵੀ ਵੱਡੀ ਗਿਣਤੀ ਵਿੱਚ ਕਿਸਾਨ ਸ਼ਮੂਲੀਅਤ ਕਰਨਗੇ। ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਪਾਣੀਆਂ ਨਾਲ ਸਬੰਧਤ ਮਸਲਿਆਂ ਦਾ ਤੁਰੰਤ ਹੱਲ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾ ਕੇ ਬੀਬੀਐੱਮਬੀ ਵਿੱਚ ਪੰਜਾਬ ਦੇ ਹੱਕਾਂ ਨੂੰ ਪ੍ਰਭਾਵਿਤ ਕਰਨ ਵਾਲੇ ਫ਼ੈਸਲੇ ਰੱਦ ਕੀਤੇ ਜਾਣ। ਉਨ੍ਹਾਂ ਡਾ. ਐੱਮ.ਐੱਸ. ਸਵਾਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ ਸਾਰੀਆਂ ਫ਼ਸਲਾਂ ਦੀ ਘੱਟੋ-ਘੱਟ ਸਮਰਥਨ ਮੁੱਲ 'ਤੇ ਕਾਨੂੰਨੀ ਖਰੀਦ ਦੀ ਗਾਰੰਟੀ ਲਾਗੂ ਕਰਨ ਦੀ ਮੰਗ ਕੀਤੀ।ਇਸ ਤੋਂ ਇਲਾਵਾ ਕਿਸਾਨਾਂ ਦਾ ਸਮੁੱਚਾ ਕਰਜ਼ਾ ਮੁਆਫ਼ ਕਰਨ, ਗੰਨੇ ਦਾ ਭਾਅ 500 ਰੁਪਏ ਪ੍ਰਤੀ ਕੁਇੰਟਲ ਕਰਨ, ਪ੍ਰਾਈਵੇਟ ਖੰਡ ਮਿੱਲਾਂ ਵੱਲੋਂ ਵੀ ਗੰਨੇ ਦੀ ਅਦਾਇਗੀ ਇੱਕ ਕਾਊਂਟਰ ਰਾਹੀਂ ਕਰਨ ਅਤੇ ਕਿਸਾਨਾਂ ਤੇ ਮਜ਼ਦੂਰਾਂ ਨੂੰ 58 ਸਾਲ ਦੀ ਉਮਰ ਤੋਂ ਬਾਅਦ 10 ਹਜ਼ਾਰ ਰੁਪਏ ਮਹੀਨਾਵਾਰ ਪੈਨਸ਼ਨ ਦੇਣ ਦੀ ਮੰਗ ਕੀਤੀ ਗਈ। ਆਗੂਆਂ ਨੇ ਜ਼ਮੀਨਾਂ ਦੀ ਜਬਰੀ ਪੂਲਿੰਗ ਸਕੀਮ ਨੂੰ ਖਤਮ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਜੇਕਰ ਕਿਸੇ ਜਨਤਕ ਕੰਮ ਲਈ ਜ਼ਮੀਨ ਦੀ ਲੋੜ ਹੋਵੇ ਤਾਂ ਭੂਮੀ ਅਧਿਗ੍ਰਹਿਣ ਕਾਨੂੰਨ-2013 ਅਨੁਸਾਰ ਹੀ ਕਾਰਵਾਈ ਕੀਤੀ ਜਾਵੇ। ਮੀਟਿੰਗ ਦੇ ਅੰਤ ਵਿੱਚ ਕਿਸਾਨ ਆਗੂਆਂ ਨੇ ਪੰਜਾਬ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ 1 ਸਤੰਬਰ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਟਰੈਕਟਰ-ਟਰਾਲੀਆਂ ਸਮੇਤ ਚੰਡੀਗੜ੍ਹ ਪਹੁੰਚ ਕੇ ਧਰਨੇ ਨੂੰ ਕਾਮਯਾਬ ਬਣਾਉਣ।ਇਸ ਮੌਕੇ ਜਰਨੈਲ ਸਿੰਘ ਲਗਨ, ਹਰਚੰਦ ਸਿੰਘ ਗਜਗਾ, ਮਨਪ੍ਰੀਤ ਸਿੰਘ, ਅਜੈਬ ਸਿੰਘ, ਬਲਜੀਤ ਸਿੰਘ, ਬਲਜਿੰਦਰ ਸਿੰਘ, ਅਤਰ ਸਿੰਘ, ਜਸਵੰਤ ਸਿੰਘ, ਤਰਵਿੰਦਰ ਸਿੰਘ ਖਜੂਰ ਮੰਡੀ, ਜਾਸਰ ਸਿੰਘ, ਤੇਜਿੰਦਰ ਸਿੰਘ ਜੌਲਾ ਕਲਾਂ, ਭਜਨ ਸਿੰਘ, ਤੇਜੀ ਸਕਰੂਲਾ ਪੁਰ, ਭੁਪਿੰਦਰ ਸਿੰਘ, ਸੁਰਿੰਦਰ ਪਾਲ ਸਿੰਘ, ਜਸਵਿੰਦਰ ਸਿੰਘ, ਝਲਦੀਪ ਸਿੰਘ, ਗੁਰਪ੍ਰੀਤ ਸਿੰਘ ਅਤੇ ਅਤਰ ਸਿੰਘ ਸਰਪੰਚ ਸਮੇਤ ਹੋਰ ਕਿਸਾਨ ਆਗੂ ਹਾਜ਼ਰ ਸਨ।

## 12 ਦਸੰਬਰ ਦੀ ਦੇਸ਼ ਪੱਧਰੀ ਦਿੱਲੀ ਰੈਲੀ ਇਤਿਹਾਸਿਕ ਹੋਵੇਗੀ: ਸੁਭਾਸ਼ ਲਾਂਬਾ

## ਪ.ਸ.ਸ.ਫ. ਦੀ ਸੂਬਾ ਪੱਧਰੀ ਮੀਟਿੰਗ ਵਿੱਚ ਸੰਘਰਸ਼ਾਂ ਨੂੰ ਨੇਪਰੇ ਚਾੜ੍ਹਨ ਦੀ ਬਣੀ ਵਿਉਂਤਬੰਦੀ




**ਜਲੰਧਰ, 24 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੂਬੇ ਦੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) ਦੀ ਇੱਕ ਸੂਬਾ ਪੱਧਰੀ ਮੀਟਿੰਗ ਜੱਥੇਬੰਦੀ ਦੇ ਸੂਬਾ ਪ੍ਰਧਾਨ ਸਾਥੀ ਸਤੀਸ਼ ਰਾਣਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਫੈਡਰਲ ਕੌਂਸਲ ਆਗੂਆਂ ਵਲੋਂ ਸ਼ਮੂਲੀਅਤ ਕੀਤੀ ਗਈ। ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਦੇ ਕੌਮੀਂ ਪ੍ਰਧਾਨ ਸਾਥੀ ਸੁਭਾਸ਼ ਲਾਂਬਾ ਮੀਟਿੰਗ ਨੂੰ ਸੰਬੋਧਨ ਕਰਨ ਲਈ ਵਿਸ਼ੇਸ਼ ਤੌਰ ਤੇ ਪਹੁੰਚੇ। ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਪ.ਸ.ਸ.ਫ. ਦੇ ਸੂਬਾ ਜਨਰਲ ਸਕੱਤਰ ਅਤੇ ਆਲ ਇੰਡੀਆ ਦੇ ਕੌਮੀਂ ਵਾਇਸ ਪ੍ਰਧਾਨ ਸਾਥੀ ਤੀਰਥ ਸਿੰਘ ਬਾਸੀ ਨੇ ਦੱਸਿਆ ਕਿ ਆਲ ਇੰਡੀਆ ਵਲੋਂ ਐਲਾਨੇ ਗਏ ਸੰਘਰਸ਼ਾਂ ਨੂੰ ਅਮਲੀ ਜਾਮਾ ਪਹਿਨਾਉਣ ਲਈ ਸੂਬਿਆਂ ਦੀਆਂ ਮੀਟਿੰਗਾਂ ਦਾ ਪ੍ਰੋਗਰਾਮ ਐਲਾਨਿਆ ਗਿਆ ਸੀ ਜਿਸਦੇ ਤਹਿਤ ਪ.ਸ.ਸ.ਫ. ਦੀ ਮੀਟਿੰਗ ਕੀਤੀ ਗਈ ਹੈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੌਮੀਂ ਪ੍ਰਧਾਨ ਸਾਥੀ ਲਾਂਬਾ ਨੇ ਅਗਲੇ ਸੰਘਰਸ਼ਾਂ ਦੀ ਜਾਣਕਾਰੀ ਦੰਦਿਆਂ ਦੱਸਿਆ ਕਿ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਕੇਂਦਰ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਵਿਰੁੱਧ ਵਲੋਂ ਮਿਤੀ 12 ਦਸੰਬਰ ਨੂੰ ਦਿੱਲੀ ਵਿਖੇ ਇੱਕ ਵਿਸ਼ਾਲ ਦੇਸ਼ ਪੱਧਰੀ ਰੈਲੀ ਕੀਤੀ ਜਾ ਰਹੀ ਹੈ ਜਿਸ ਵਿੱਚ ਅਗਲੇ ਸੰਘਰਸ਼ਾਂ ਦਾ ਐਲਾਨ ਕੀਤਾ ਜਾਵੇਗਾ।ਉਹਨਾਂ ਦੱਸਿਆਂ ਕਿ ਕੇਂਦਰ ਦੀ ਮੋਦੀ ਸਰਕਾਰ ਅਤੇ ਸੂਬਿਆਂ ਦੀਆਂ ਸਰਕਾਰਾਂ ਵਲੋਂ ਮੁਲਾਜ਼ਮ ਅਤੇ ਪੈਨਸ਼ਨਰ ਵਿਰਧੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ, ਸਰਕਾਰੀ ਅਦਾਰਿਆਂ ਨੂੰ ਖਤਮ ਕਰਕੇ ਕਾਰਪੋਰੇਟਾਂ ਨੂੰ ਦੇਸ਼ ਲੁੱਟਣ ਦੀ ਖੁੱਲ ਦਿੱਤੀ ਜਾ ਰਹੀ ਹੈ। ਉਹਨਾਂ ਆਖਿਆ ਕਿ ਆਲ ਇੰਡੀਆ ਵਲੋਂ ਸਰਕਾਰ ਤੋਂ ਮੰਗ ਕੀਤੀ ਜਾ ਰਹੀ ਹੈ ਕਿ ਸਰਕਾਰੀ ਵਿਭਾਗਾਂ ਦੀ ਅਕਾਰ-ਘਟਾਈ ਬੰਦ ਕੀਤੀ ਜਾਵੇ, ਕੱਚੇ ਮੁਲਾਜ਼ਮਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਮੰਹਿਗਾਈ ਦੇ ਅਨੁਪਾਤ ਨਾਲ ਮਕਾਨ ਕਿਰਾਏ ਭੱਤੇ ਵਿੱਚ ਵਾਧਾ ਕੀਤਾ ਜਾਵੇ। ਕੈਸ਼ਲੈਸ ਹੈਲਥ ਸਕੀਮ ਲਾਗੂ ਕੀਤੀ ਜਾਵੇ, ਮੰਹਿਗਾਈ ਭੱਤੇ ਦੀਆਂ ਕਿਸ਼ਤਾਂ ਦੀ ਅਦਾਇਗੀ ਕੀਤੀ ਜਾਵੇ, ਖਾਲੀ ਅਸਾਮੀਆਂ ਨੂੰ ਭਰਿਆ ਜਾਵੇ, ਮਾਣ ਭੱਤਾ/ ਇੰਨਸੈਨਟਿਵ ਵਰਕਰਾਂ ਤੇ ਡੀ.ਸੀ. ਰੇਟ ਲਾਗੂ ਕੀਤੇ ਜਾਣ।ਉਹਨਾਂ ਵਲੋਂ ਪੰਜਾਬ ਦੇ ਮੁਲਾਜ਼ਮਾਂ ਨੂੰ 12 ਦਸੰਬਰ ਦੀ ਦਿੱਲੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ।ਸੂਬਾ ਪ੍ਰਧਾਨ ਸਾਥੀ ਸਤੀਸ਼ ਰਾਣਾ ਨੇ ਧੰਨਵਾਦ ਕਰਦਿਆਂ ਯਕੀਨ ਦਵਾਇਆ ਕਿ ਪਿਛਲੇ ਸੰਘਰਸ਼ਾਂ ਦੀ ਤਰ੍ਹਾਂ ਹੀ 12 ਦਸੰਬਰ ਨੂੰ ਪ.ਸ.ਸ.ਫ. ਵਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਉਹਨਾਂ ਸੂਬੇ ਦੇ ਮੁਲਾਜ਼ਮ ਵਰਗ ਨੂੰ ਆਲ ਇੰਡੀਆ ਦੇ ਪ੍ਰੋਗਰਾਮਾਂ ਤਹਿਤ ਸਤੰਬਰ ਮਹੀਨੇ ਵਿੱਚ ਬਲਾਕ ਪੱਧਰੀ ਅਤੇ ਅਕਤੂਬਰ ਅਤੇ ਨਵੰਬਰ ਵਿੱਚ ਜ਼ਿਲ੍ਹਾ ਪੱਧਰੀ ਕਨਵੈਂਨਸ਼ਨਾ ਕਰਕੇ 12 ਦਸੰਬਰ ਦੀ ਤਿਆਰੀ ਕੀਤੀ ਜਾਵੇਗੀ।ਉਹਨਾਂ ਨੇ 27 ਅਗਸਤ ਨੂੰ ਸਮੂਹਕ ਛੁੱਟੀ ਲੈ ਕੇ ਐਕਸ਼ਨਾਂ ਵਿੱਚ ਸ਼ਮੂਲੀਆ ਦੀ ਅਪੀਲ ਵੀ ਕੀਤੀ। ਇਸ ਮੀਟਿੰਗ ਵਿੱਚ ਸਾਥੀ ਕਰਮਜੀਤ ਸਿੰਘ ਬੀਹਲਾ, ਗੁਰਬਿੰਦਰ ਸਿੰਘ ਸਸਕੌਰ, ਇੰਦਰਜੀਤ ਵਿਰਦੀ, ਕੁਲਦੀਪ ਪੂਰੋਵਾਲ, ਗੁਰਦੇਵ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਮਕੀਮਪੁਰ, ਅਨਿਲ ਕੁਮਾਰ, ਸਰਸ਼ਣ ਚੀਮਾ, ਬਿਮਲਾ ਰਾਣੀ, ਕੁਲਦੀਪ ਦੌੜਕਾ, ਗੁਰਬਿੰਦਰ ਸਿੰਘ ਖਮਾਣੋਂ, ਸੁਰਕੀਤ ਮੁਹਾਲੀ, ਪੁਸ਼ਿਪੰਦਰ ਪਿੰਕੀ, ਮਨਜੀਤ ਬਾਜਵਾ, ਗੁਰਪ੍ਰੀਤ ਸਿੰਘ ਚੋਹਕਾ, ਹਜ਼ਾਰਾ ਸਿੰਘ ਚੀਮਾ, ਰਾਮ ਕ੍ਰਿਸ਼ਨ ਧੁਨਕੀਆ ਆਦਿ ਆਗੂ ਵੀ ਹਾਜਰ ਸਨ।






ਜਨਮ ਦਿਨ ਮੁਬਾਰਕ

ਅਗਮਨੂਰ ਸਿੰਘ ਚੰਦੀ

ਪਿਤਾ ਮਨਜਿੰਦਰ ਸਿੰਘ ਚੰਦੀ

ਮਾਤਾ ਅਮਨਪ੍ਰੀਤ ਕੌਰ ਚੰਦੀ

ਪੱਤਰਕਾਰ ਕੁਲਵੰਤ ਸਿੰਘ ਵਿਰਦੀ

ਆਵਾਜ਼ਿ ਕੌਮ AWAZE QAUM International Newspaper & WEB TV